Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 73 Chief Editor : Chowdhary Prabhjit Singh, Editor : Chhatarpal Singh 98146-32807, Wednesday 2 September 2026 Price : 2 Rs. Page : 6

## ਕੇਂਦਰ ਵੱਲੋਂ ਕੇਸ ਵਾਪਸ ਲੈਣ ਦਾ ਭਰੋਸਾ ਦੇਣ ਤੋਂ ਬਾਅਦ ਸੀ.ਜ਼ੇ.ਪੀ. ਨੇ 5 ਸਤੰਬਰ ਦੇ ਪ੍ਰਦਰਸ਼ਨ ਦਾ ਸੱਦਾ ਵਾਪਸ ਲਿਆ

**ਨਵੀਂ ਦਿੱਲੀ, 1 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**



ਆਗੂ ਸੌਰਵ ਦਾਸ ਨੇ ਮੰਗਲਵਾਰ ਨੂੰ ਸੁਪਰੀਮ ਕੋਰਟ ਨੂੰ ਦੱਸਿਆ ਕਿ ਸੰਗਠਨ ਨੇ 5 ਸਤੰਬਰ ਨੂੰ ਪ੍ਰਦਰਸ਼ਨ ਕਰਨ ਦਾ ਆਪਣਾ ਸੱਦਾ ਵਾਪਸ ਲੈ ਲਿਆ ਹੈ।

ਦਾਸ ਨੇ ਭਾਰਤ ਦੇ ਮੁੱਖ ਜੱਜ (ਸੀ.ਆਈ.ਜੀ.) ਸੂਰਿਆ ਕਾਂਤ ਦੀ ਅਗਵਾਈ ਵਾਲੇ ਤਿੰਨ ਮੈਂਬਰੀ ਬੈਂਚ ਦੇ ਸਾਹਮਣੇ ਇੱਕ ਬਿਆਨ ਪੜ੍ਹਿਆ, ਜਿਸ ਤੋਂ ਬਾਅਦ ਸੌਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਸਰਕਾਰ ਜੁਲਾਈ ਵਿੱਚ CJP ਆਗੂਆਂ ਨੂੰ ਦਿੱਤੇ ਗਏ ਭਰੋਸਿਆਂ ਪ੍ਰਤੀ ਵਚਨਬੱਧ ਹੈ, ਜਦੋਂ ਉਨ੍ਹਾਂ ਨੇ ©55" ਅਤੇ ਹੋਰ ਪ੍ਰੀਖਿਆਵਾਂ ਵਿੱਚ ਕਥਿਤ ਬੇਨਿਯਮੀਆਂ ਨੂੰ ਲੈ ਕੇ ਆਪਣਾ 36 ਦਿਨਾਂ ਦਾ ਪ੍ਰਦਰਸ਼ਨ ਵਾਪਸ ਲੈ ਲਿਆ ਸੀ।

ਮਹਿਤਾ ਨੇ ਕਿਹਾ ਕਿ ਕੇਂਦਰ ਅਤੇ ਮਹਾਰਾਸ਼ਟਰ, ਬਿਹਾਰ, ਪੱਛਮੀ ਬੰਗਾਲ ਅਤੇ ਆਸਾਮ ਦੀਆਂ ਸਰਕਾਰਾਂ ਪ੍ਰਦਰਸ਼ਨਕਾਰੀਆਂ ਵਿਰੁੱਧ ਕੇਸ ਵਾਪਸ ਲੈਣ ਲਈ ਤਿਆਰ ਹਨ, ਸਿਵਾਏ ਉਨ੍ਹਾਂ ਵਿਅਕਤੀਆਂ ਦੇ ਜਿਨ੍ਹਾਂ ਦੇ ਨਾਮ ਅਪਰਾਧਾਂ ਨਾਲ ਜੁੜੇ ਕੇਸਾਂ ਵਿੱਚ ਪਹਿਲਾਂ ਹੀ ਸ਼ਾਮਲ ਹਨ। ਸੌਲਿਸਟਰ ਜਨਰਲ ਨੇ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਕਿ ਉਹ ਸੰਵਿਧਾਨ ਦੀ ਧਾਰਾ 142 ਤਹਿਤ ਆਪਣੀਆਂ ਅਸਾਧਾਰਨ ਸ਼ਕਤੀਆਂ ਦੀ ਵਰਤੋਂ ਕਰੇ ਅਤੇ ਨਿਰਦੇਸ਼ ਦੇਵੇ ਕਿ ਪ੍ਰਦਰਸ਼ਨਕਾਰੀਆਂ ਵਿਰੁੱਧ ਕੇਸਾਂ ਨੂੰ ਬੰਦ ਮੰਨਿਆ ਜਾਵੇ।

ਮਹਿਤਾ ਨੇ ਇਹ ਵੀ ਕਿਹਾ ਕਿ ਸਰਕਾਰ ਆਤਮਹੱਤਿਆ ਕਰਨ ਵਾਲੇ ਵਿਦਿਆਰਥੀਆਂ ਦੇ ਪਰਿਵਾਰਾਂ ਨੂੰ ਮੁਆਵਜ਼ੇ ਦੀ ਅਦਾਇਗੀ ਲਈ ਤਿੰਨ ਮਹੀਨਿਆਂ ਦੇ ਅੰਦਰ ਰੂਪ-ਰੇਖਾ ਤਿਆਰ ਕਰੇਗੀ। ਕੇਂਦਰ ਨੇ ਸੋਮਵਾਰ ਨੂੰ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਸੀ ਕਿ ਉਹ ਧਾਰਾ 142 ਤਹਿਤ ਆਪਣੀਆਂ ਅਸਾਧਾਰਨ ਸ਼ਕਤੀਆਂ ਦੀ ਵਰਤੋਂ ਕਰਦਿਆਂ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਵਿਰੁੱਧ ਦਰਜ ਐੱਫ.ਆਈ.ਆਰਜ਼ ਨੂੰ ਰੱਦ ਕਰੇ।

ਧਾਰਾ 142 ਸੁਪਰੀਮ ਕੋਰਟ ਨੂੰ ਇਸ ਦੇ ਸਾਹਮਣੇ ਲੰਬਿਤ ਮਾਮਲੇ ਵਿੱਚ ਪੂਰਨ ਨਿਆਂ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਕੋਈ ਵੀ ਹੁਕਮ ਦੇਣ ਦਾ ਅਧਿਕਾਰ ਦਿੰਦੀ ਹੈ।

ਸੌਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਅਦਾਲਤ ਦੇ ਉੱਠਣ ਤੋਂ ਠੀਕ ਪਹਿਲਾਂ ਸੋਮਵਾਰ ਨੂੰ ਸੀ.ਆਈ.ਜੀ. ਸੂਰਿਆ ਕਾਂਤ ਦੀ ਅਗਵਾਈ ਵਾਲੇ ਤਿੰਨ ਮੈਂਬਰੀ ਬੈਂਚ ਦੇ ਸਾਹਮਣੇ ਇਸ ਮਾਮਲੇ ਦਾ ਜ਼ਿਕਰ ਕੀਤਾ ਸੀ। ਮਹਿਤਾ ਨੇ ਬੈਂਚ ਨੂੰ ਦੱਸਿਆ, ਅਸੀਂ ਇੱਕ ਆਈ.ਏ. (ਇੰਟਰਲਾਕਿਊਟਰੀ ਅਪੀਲ) ਦਾਖ਼ਲ ਕਰਨਾ ਚਾਹੁੰਦੇ ਹਾਂ।

## ਭਾਜਪਾ ਦ.ਫਤਰ ਦੇ ਘਿਰਾਓ 'ਤੇ ਗੋਸ਼ਾ ਦਾ ਪਲਟਵਾਰ 'ਆਪ' 50 ਲੋਕ ਵੀ ਇਕੱਠੇ ਨਾ ਕਰ ਸਕੀ



**ਲੁਧਿਆਣਾ, 1 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਭਾਜਪਾ ਆਗੂ ਅਤੇ ਮੀਡੀਆ ਪੈਨਲਿਸਟ ਗੁਰਦੀਪ ਸਿੰਘ ਗੋਸ਼ਾ ਨੇ ਭਾਜਪਾ ਦਫ਼ਤਰ ਦਾ ਘਿਰਾਓ ਕਰਨ ਪਹੁੰਚੇ 'ਆਪ' ਆਗੂਆਂ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਸਰਕਾਰ ਵਿੱਚ ਹੋਣ ਦੇ ਬਾਵਜੂਦ 'ਆਪ' ਆਪਣੇ ਪ੍ਰਦਰਸ਼ਨ ਵਿੱਚ 50 ਲੋਕਾਂ ਦੀ ਭੀੜ ਵੀ ਇਕੱਠੀ ਨਹੀਂ ਕਰ ਸਕੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਆਸੀ ਡਰਾਮੇਬਾਜ਼ੀ ਨੂੰ ਸਮਝ ਚੁੱਕੇ ਹਨ।

ਗੋਸ਼ਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਕਾਂਗਰਸ ਨਾਲ ਗੱਠਜੋੜ ਕਰਨ ਦੇ ਫ਼ੈਸਲੇ ਲਈ ਪੰਜਾਬ ਅਤੇ ਸਿੱਖ ਸਮਾਜ ਤੋਂ ਮੁਆਫ਼ੀ ਮੰਗਣ। ਉਨ੍ਹਾਂ 'ਆਪ' ਆਗੂਆਂ ਨੂੰ ਆਪਣੇ ਸਿਆਸੀ ਫ਼ੈਸਲਿਆਂ ਬਾਰੇ ਸਪੱਸ਼ਟੀਕਰਨ ਦੇਣ ਦੀ ਮੰਗ ਕੀਤੀ। ਉਨ੍ਹਾਂ ਦਾਅਵਾ ਕੀਤਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ 1984 ਸਿੱਖ ਵਿਰੋਧੀ ਦੰਗਿਆਂ ਨਾਲ ਸਬੰਧਤ ਮਾਮਲਿਆਂ ਵਿੱਚ ਕਾਰਵਾਈ ਅੱਗੇ ਵਧਾਈ ਅਤੇ ਸਿੱਖ ਇਤਿਹਾਸ ਤੇ ਵਿਰਾਸਤ ਨੂੰ ਰਾਸ਼ਟਰੀ ਪੱਧਰ 'ਤੇ ਸਨਮਾਨ ਦਿੱਤਾ। ਉਨ੍ਹਾਂ ਕਰਤਾਰਪੁਰ ਸਾਹਿਬ ਕੌਰੀਡੋਰ, ਵੀਰ ਬਾਲ ਦਿਵਸ ਅਤੇ ਹੋਰ ਸਿੱਖ-ਸਬੰਧੀ ਉਪਰਾਲਿਆਂ ਦਾ ਜ਼ਿਕਰ ਕੀਤਾ।

ਗੋਸ਼ਾ ਨੇ ਕਿਹਾ ਕਿ 'ਆਪ' ਆਗੂ ਭਾਜਪਾ ਦਫ਼ਤਰ ਦੇ ਬਾਹਰ ਪ੍ਰਦਰਸ਼ਨ ਕਰਨ ਦੀ ਬਜਾਏ ਪੰਜਾਬ ਦੀ ਕਾਨੂੰਨ-ਵਿਵਸਥਾ, ਨਸ਼ਿਆਂ, ਬੇਰੁਜ਼ਗਾਰੀ ਅਤੇ ਵੱਧ ਰਹੇ ਕਰਜ਼ੇ ਵਰਗੇ ਮੁੱਦਿਆਂ 'ਤੇ ਜਨਤਾ ਨੂੰ ਜਵਾਬ ਦੇਣ।

## ਅਜੀਤਪਾਲ ਕੋਹਲੀ ਵੱਲੋਂ ਡਿਲਾਈਟ ਕਲੋਨੀ ਵਿਖੇ 50 ਲੱਖ ਦੀ ਲਾਗਤ ਵਾਲੀ ਸੜਕ ਦਾ ਉਦਘਾਟਨ



**ਪਟਿਆਲਾ, 1 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਦੇ ਪਟਿਆਲਾ ਤੋਂ ਵਿਧਾਇਕ ਸ ? ਅਜੀਤਪਾਲ ਸਿੰਘ ਕੋਹਲੀ ਨੇ ਅੱਜ ਡਿਲਾਈਟ ਕਲੋਨੀ ਵਿਖੇ 50 ਲੱਖ ਦੀ ਲਾਗਤ ਨਾਲ ਬਣੀ ਸੜਕ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਵੀ ਮੌਜੂਦ ਸਨ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਭਰ ਚ ਨਵੀਆਂ ਸੜਕਾਂ ਲਗਾਤਾਰ ਬਣਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਮੁਤਾਬਿਕ ਲੋਕਾਂ ਦੀ ਸੁਵਿਧਾ ਲਈ ਇਹ ਸੜਕਾਂ ਦਾ ਕੰਮ ਤੇਜ਼ੀ ਨਾਲ ਪਿਛਲੇ ਲੰਬੇ ਸਮੇਂ ਤੋਂ ਚੱਲ ਰਿਹਾ ਹੈ। ਇਸ ਲਈ ਪਟਿਆਲਾ ਸ਼ਹਿਰ ਵਿੱਚ ਜਿਹੜੀਆਂ ਸੜਕਾਂ ਕਾਫੀ ਦੇਰ ਤੋਂ ਨਹੀਂ ਬਣੀਆਂ ਸਨ ਉਹ ਸੜਕਾਂ ਨੂੰ ਵੀ ਨਵੀਆਂ ਬਣਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰਵਾ ਰਹੀ ਹੈ।

ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

ਵਿਧਾਇਕ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਖੇਤਰ ਦੀ ਦਿੱਖ ਵੀ ਹੋਰ ਸੁੰਦਰ ਬਣੇਗੀ। ਉਨ੍ਹਾਂ ਭਰੋਸਾ ਦਿਵਾਇਆ ਕਿ ਪਟਿਆਲਾ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਵਿਕਾਸ ਪ੍ਰੋਜੈਕਟਾਂ ਦੀ ਲੜੀ ਲਗਾਤਾਰ ਜਾਰੀ ਰਹੇਗੀ।

ਇਸ ਮੌਕੇ ਵਾਰਡ ਨੰਬਰ 50 ਦੇ ਐੱਮ ਸੀ ਹਰਮਨ ਸੰਧੂ, ਮਲੂਕ ਸਿੰਘ ,ਅਮਰੀਕ ਸਿੰਘ ਗਿਲ, ਕੁਲਵਿੰਦਰ ਸਿੰਘ ਢੱਲ, ਹਰਵਿੰਦਰ ਸਿੰਘ ਗਾਂਧੀ , ਮਨਦੀਪ ਖੰਨਾ , ਸੰਦੀਪ ਖੰਨਾ, ਗੁਰਪ੍ਰੀਤ ਸਿੰਘ , ਸੰਜੀਵ ਕੁਮਾਰ ਐਡਵੋਕੇਟ ਅਤੇ ਡਾ. ਅਰਜਨ ਚਾਵਲਾ ਮੌਜੂਦ ਰਹੇ ।




## ਭਗਵੰਤ ਸਿੰਘ ਮਾਨ ਵੱਲੋਂ ਪਰਾਲੀ ਸਾੜਨ ਨੂੰ ਰੋਕਣ ਲਈ ਵਿਆਪਕ ਜਾਗਰੂਕਤਾ ਮੁਹਿੰਮ ਚਲਾਉਣ ਦਾ ਸੱਦਾ

**ਚੰਡੀਗੜ੍ਹ 1 ਸਤੰਬਰ**
**-ਛਤਰਪਾਲ ਸਿੰਘ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਵਿੱਚ ਪਰਾਲੀ ਸਾੜਨ ਦੇ ਰੁਝਾਨ ਨੂੰ ਹੋਰ ਠੱਲ੍ਹ ਪਾਉਣ ਲਈ ਵਿਸ਼ਾਲ ਸੂਚਨਾ ਅਤੇ ਜਾਗਰੂਕਤਾ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ ਹੈ ਕਿਉਂਕਿ ਪੰਜਾਬ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ 2023 ਤੋਂ 2025 ਤੱਕ ਅਜਿਹੀਆਂ ਘਟਨਾਵਾਂ ਵਿੱਚ ਪਹਿਲਾਂ ਹੀ 86 ਫ਼ੀਸਦੀ ਕਮੀ ਆ ਚੁੱਕੀ ਹੈ। ਅਧਿਕਾਰੀਆਂ ਨੂੰ ਇਸ ਮੁਹਿੰਮ ਨੂੰ ਪਿੰਡਾਂ ਅਤੇ ਬਲਾਕਾਂ ਤੱਕ ਹੋਰ ਸ਼ਿੱਦਤ ਨਾਲ ਲੈ ਜਾਣ ਦੀ ਹਦਾਇਤ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਪ੍ਰਾਪਤੀਆਂ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਦਾ ਵਾਤਾਵਰਣ ਬਚਾਉਣ ਲਈ ਗ਼ੈਰ-ਸਰਕਾਰੀ ਸੰਗਠਨਾਂ (ਐਨ.ਜੀ.ਓਜ਼.), ਸਮਾਜ ਸੇਵਕਾਂ, ਪੰਚਾਇਤਾਂ ਅਤੇ ਕਿਸਾਨਾਂ ਦੀ ਸਰਗਰਮ ਸ਼ਮੂਲੀਅਤ, ਵੱਡੇ ਪੱਧਰ 'ਤੇ ਸੋਸ਼ਲ ਮੀਡੀਆ ਦੀ ਪਹੁੰਚ ਅਤੇ ਮਜ਼ਬੂਤ ਇਨ-ਸੀਟੂ ਤੇ ਐਕਸ-ਸੀਟੂ(ਖੇਤ ਵਿੱਚ ਅਤੇ ਖੇਤ ਤੋਂ ਬਾਹਰ) ਪਰਾਲੀ ਪ੍ਰਬੰਧਨ ਬਹੁਤ ਜ਼ਰੂਰੀ ਹੈ।

ਪਰਾਲੀ ਦੇ ਪ੍ਰਬੰਧਨ ਦੀ ਰਣਨੀਤੀ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਸ ਸਾਲ ਪੰਜਾਬ ਵਿੱਚ ਲਗਪਗ 30 ਲੱਖ ਹੈਕਟੇਅਰ ਰਕਬੇ ਵਿੱਚ ਝੋਨੇ ਦੀ ਲੁਆਈ ਕੀਤੀ ਗਈ ਹੈ, ਜਿਸ ਤੋਂ 18.81 ਮਿਲੀਅਨ ਟਨ ਪਰਾਲੀ ਪੈਦਾ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ, ਪੰਜਾਬ ਸਰਕਾਰ ਦੇ ਭਰਪੂਰ ਯਤਨਾਂ ਸਦਕਾ ਪੰਜਾਬ ਵਿੱਚ 2023 ਤੋਂ 2025 ਤੱਕ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵਿੱਚ 86 ਫ਼ੀਸਦੀ ਕਮੀ ਆਈ ਹੈ। ਇਹ ਘਟਨਾਵਾਂ 2023 ਵਿੱਚ 36,663 ਤੋਂ ਘਟ ਕੇ 2024 ਵਿੱਚ 10,909 ਅਤੇ 2025 ਵਿੱਚ ਹੋਰ ਘਟ ਕੇ 5,114 ਰਹਿ ਗਈਆਂ ਹਨ। ਸਾਨੂੰ ਇਸ ਨੂੰ ਹੋਰ ਅੱਗੇ ਲੈ ਕੇ ਜਾਣਾ ਹੈ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਇਸ ਸਾਲ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਹੋਰ ਵੀ ਕਮੀ ਆਵੇ।

ਜ਼ਮੀਨੀ ਪੱਧਰ 'ਤੇ ਤੇਜ਼ ਮੁਹਿੰਮ ਦੀ ਲੋੜ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨਾਂ ਪ੍ਰਤੀ ਜਾਗਰੂਕ ਕਰਨ ਲਈ ਪਿੰਡ ਅਤੇ ਬਲਾਕ ਪੱਧਰ 'ਤੇ ਵਿਸ਼ਾਲ ਸੂਚਨਾ ਅਤੇ ਜਾਗਰੂਕਤਾ ਮੁਹਿੰਮ ਚਲਾਈ ਜਾਣੀ ਚਾਹੀਦੀ ਹੈ। ਹਰ ਹਿੱਸੇਦਾਰ ਨੂੰ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਟਿਕਾਊ ਬਦਲ ਅਪਨਾਉਣ ਲਈ ਪ੍ਰੇਰਿਤ ਕਰਨ ਵਾਸਤੇ ਮਿਲ ਕੇ ਕੰਮ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪ੍ਰੇਰਿਤ ਕਰਨ ਦੇ ਯਤਨਾਂ ਨੂੰ ਹੋਰ ਮਜ਼ਬੂਤ ਕਰਨ ਲਈ ਗ਼ੈਰ-ਸਰਕਾਰੀ ਸੰਗਠਨਾਂ (ਐਨ.ਜੀ.ਓਜ਼.) ਅਤੇ ਸਮਾਜ ਸੇਵਕਾਂ ਨੂੰ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ, ਗ਼ੈਰ-ਸਰਕਾਰੀ ਸੰਗਠਨਾਂ ਅਤੇ ਸਮਾਜ ਸੇਵਕਾਂ ਨੂੰ ਕਿਸਾਨਾਂ ਨੂੰ ਪ੍ਰੇਰਿਤ ਕਰਨ ਲਈ ਨਾਲ ਜੋੜਿਆ ਜਾਵੇ। ਮਸ਼ੀਨਰੀ ਦੇ ਪ੍ਰਦਰਸ਼ਨ, ਨੁੱਕੜ ਨਾਟਕ, ਸਰਪੰਚਾਂ ਨਾਲ ਮੀਟਿੰਗਾਂ, ਸਹੁੰ ਚੁੱਕ ਸਮਾਗਮ ਅਤੇ ਹੋਰ ਜਾਗਰੂਕਤਾ ਪ੍ਰੋਗਰਾਮ ਵਿਆਪਕ ਪੱਧਰ 'ਤੇ ਕਰਵਾਏ ਜਾਣ ਤਾਂ ਜੋ ਇਹ ਸੁਨੇਹਾ ਜ਼ਮੀਨੀ ਪੱਧਰ ਤੱਕ ਕਿਸਾਨਾਂ ਤੱਕ ਪਹੁੰਚ ਸਕੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਮੀਨੀ ਪੱਧਰ ਦੀਆਂ ਗਤੀਵਿਧੀਆਂ ਦੇ ਪੂਰਕ ਵਜੋਂ ਇੱਕ ਵਿਆਪਕ ਡਿਜੀਟਲ ਅਤੇ ਮਲਟੀਮੀਡੀਆ ਰਣਨੀਤੀ ਅਪਨਾਉਣ ਦਾ ਵੀ ਸੱਦਾ ਦਿੱਤਾ। ਉਨ੍ਹਾਂ ਕਿਹਾ, ਰੇਡੀਓ ਜਿੰਗਲਜ਼, ਪ੍ਰਿੰਟ ਮੀਡੀਆ, ਟੈਲੀਵਿਜ਼ਨ, ਮੋਬਾਈਲ ਐਸ.ਐਮ.ਐਸ. ਅਤੇ ਆਊਟਡੋਰ ਮੀਡੀਆ ਨੂੰ ਸ਼ਾਮਲ ਕਰਦਿਆਂ ਵਿਸਤ੍ਰਿਤ ਡਿਜੀਟਲ ਯੋਜਨਾ ਲਾਗੂ ਕੀਤੀ ਜਾਣੀ ਚਾਹੀਦੀ ਹੈ। ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਅਤੇ ਉਪਲਬਧ ਪ੍ਰਬੰਧਨ ਵਿਕਲਪਾਂ ਬਾਰੇ ਵਿਆਪਕ ਜਾਗਰੂਕਤਾ ਪੈਦਾ ਕਰਨ ਲਈ ਸੋਸ਼ਲ ਮੀਡੀਆ ਜਾਗਰੂਕਤਾ ਮੁਹਿੰਮ ਵੀ ਵੱਡੇ ਪੱਧਰ 'ਤੇ ਚਲਾਈ ਜਾਣੀ ਚਾਹੀਦੀ ਹੈ।

ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਕਿਸਾਨਾਂ ਅਤੇ ਪੇਂਡੂ ਸੰਸਥਾਵਾਂ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਤਰੱਕੀਪਸੰਦ ਕਿਸਾਨਾਂ, ਵਧੀਆ ਕਾਰਗੁਜ਼ਾਰੀ ਵਾਲੀਆਂ ਪੰਚਾਇਤਾਂ, ਪੈਕਸ (ਪ੍ਰਾਇਮਰੀ ਐਗਰੀਕਲਚਰਲ ਕ੍ਰੈਡਿਟ ਸੁਸਾਇਟੀਆਂ) ਅਤੇ ਹੋਰ ਹਿੱਸੇਦਾਰਾਂ ਨੂੰ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਿਤ ਕੀਤਾ ਜਾਣਾ ਚਾਹੀਦਾ ਹੈ।

## ਐਸ.ਸੀ.ਓ. ਸਮਿੱਟ ਵਿੱਚ ਪ੍ਰਧਾਨ ਮੰਤਰੀ ਮੋਦੀ ਦਾ ਸਖ਼ਤ ਸੰਦੇਸ਼; 'ਅਤਿਵਾਦ ਨੂੰ ਰਣਨੀਤਕ ਸੰਪਤੀ ਨਹੀਂ ਬਣਾਇਆ ਜਾ ਸਕਦਾ'

**ਨਵੀਂ ਦਿੱਲੀ, 1 ਸਤੰਬਰ**
**-ਸ਼ਿਵ ਨਰਾਇਣ ਜਾਂਗੜਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਦੋਹਰੇ ਮਾਪਦੰਡਾਂ ਪ੍ਰਤੀ ਜ਼ੀਰੋ ਟਾਲਰੈਂਸ ਦੇ ਨਾਲ ਪੂਰੇ ਅਤਿਵਾਦੀ ਢਾਂਚੇ ਨੂੰ ਖ਼ਤਮ ਕਰਨ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਸ਼ੰਘਾਈ ਸਹਿਯੋਗ ਸੰਗਠਨ (ਐਸ.ਸੀ.ਓ.) ਨੂੰ ਰਾਜ-ਸਮਰਥਿਤ ਅਤਿਵਾਦ ਵਿਰੁੱਧ ਇੱਕ ਸਪੱਸ਼ਟ ਸੰਦੇਸ਼ ਦੇਣਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਅਤਿਵਾਦ ਨੂੰ ਕਦੇ ਵੀ ਰਣਨੀਤਕ ਸੰਪਤੀ ਵਜੋਂ ਨਾ ਵਰਤਿਆ ਜਾਵੇ।

f ਬਸ਼ਕੇਕ ਵਿੱਚ ਐਸ.ਸੀ.ਓ. ਸੰਮੇਲਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਮੋਦੀ ਨੇ ਸਮੂਹ ਲਈ 10 ਪੱਖੀ ਕਾਰਜਯੋਗ ਯੋਜਨਾ ਨੂੰ ਉਜਾਗਰ ਕੀਤਾ।

ਮੈਂਬਰਾਂ ਨੂੰ ਐਸ.ਸੀ.ਓ. ਸਹਿਯੋਗ ਦੇ ਤਿੰਨਾਂ ਪਿਲਰਾਂ—ਸੁਰੱਖਿਆ, ਸੰਪਰਕ ਅਤੇ ਮੌਕੇ—ਨੂੰ ਮਜ਼ਬੂਤ ਕਰਨ ਦਾ ਸੱਦਾ ਦਿੰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਸੰਗਠਨ ਨੂੰ ਦ੍ਰਿਸ਼ਟੀਕੋਣ ਤੋਂ ਅੱਗੇ ਵਧ ਕੇ ਮਿਣਨਯੋਗ ਨਤੀਜਿਆਂ ਵੱਲ ਵਧਣਾ ਚਾਹੀਦਾ ਹੈ।

ਅਤਿਵਾਦ ਨੂੰ ਖ਼ਤਮ ਕਰਨ ਦਾ ਸੱਦਾ ਮੋਦੀ ਦੇ ਏਜੰਡੇ 'ਤੇ ਹਾਵੀ ਰਿਹਾ ਕਿਉਂਕਿ ਉਨ੍ਹਾਂ ਨੇ ਮੈਂਬਰਾਂ ਨੂੰ ਅਤਿਵਾਦੀ ਫੰਡਿੰਗ, ਭਰਤੀ, ਕੱਟੜਪੰਥ ਅਤੇ ਸੁਰੱਖਿਅਤ ਟਿਕਾਣਿਆਂ ਨੂੰ ਨਿਸ਼ਾਨਾ ਬਣਾ ਕੇ ਪੂਰੇ ਅਤਿਵਾਦੀ ਵਾਤਾਵਰਣ ਨੂੰ ਤਬਾਹ ਕਰਨ ਲਈ ਕਿਹਾ, ਜਿਸ ਵਿੱਚ ਦੋਹਰੇ ਮਿਆਰਾਂ ਲਈ ਕੋਈ ਥਾਂ ਨਹੀਂ ਹੈ।

ਉਨ੍ਹਾਂ ਮੈਂਬਰਾਂ ਨੂੰ ਖੇਤਰੀ ਟਕਰਾਅ ਨੂੰ ਵਧਣ ਅਤੇ ਵੈਸ਼ਵਿਕ ਊਰਜਾ ਸੁਰੱਖਿਆ, ਸਮੁੰਦਰੀ ਵਪਾਰ ਅਤੇ ਸਪਲਾਈ ਚੇਨਾਂ ਨੂੰ ਵਿਘਨ ਪਾਉਣ ਦੀ ਬਜਾਏ, ਗੱਲਬਾਤ ਅਤੇ ਕੂਟਨੀਤੀ ਰਾਹੀਂ ਵਿਵਾਦਾਂ ਨੂੰ ਹੱਲ ਕਰਨ ਦਾ ਸੱਦਾ ਦਿੱਤਾ।

ਖੇਤਰੀ ਪ੍ਰਭੁਸੱਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, ਐਸ.ਸੀ.ਓ. ਵਿਧਾਨ ਦੇ ਅਨੁਸਾਰ ਸਾਰੇ ਦੇਸ਼ਾਂ ਦੀ ਪ੍ਰਭੁਸੱਤਾ ਅਤੇ ਖੇਤਰੀ ਅਖੰਡਤਾ ਦਾ ਸਤਿਕਾਰ ਕਰਦੇ ਹੋਏ ਭਰੋਸੇਮੰਦ ਅਤੇ ਸਮਾਵੇਸ਼ੀ ਸੰਪਰਕ ਬਣਾਓ।

## ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਸਮਾਨਤਾ, ਏਕਤਾ ਤੇ ਭਾਈਚਾਰੇ ਲਈ ਮੈਰਾਥਨ ਦੌੜ' ਨੂੰ ਸਿਹਤ ਮੰਤਰੀ ਨੇ ਕੀਤਾ ਰਵਾਨਾ



**ਪਟਿਆਲਾ, 1 ਸਤੰਬਰ**
**-ਜੀ. ਐਸ. ਤੁੰਗ-**

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਖੇਡ ਵਿਭਾਗ ਵੱਲੋਂ ਅੱਜ ਪਟਿਆਲਾ ਵਿਖੇ 'ਸਮਾਨਤਾ, ਏਕਤਾ ਅਤੇ ਭਾਈਚਾਰੇ ਲਈ ਮੈਰਾਥਨ ਦੌੜ' ਕਰਵਾਈ ਗਈ। ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇਸ ਮੈਰਾਥਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

ਇਸ ਮੌਕੇ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਸਿੱਖਿਆਵਾਂ ਨੌਜਵਾਨਾਂ ਸਮੇਤ ਸਮਾਜ ਦੇ ਹਰ ਵਰਗ ਨੂੰ ਰਹਿੰਦੀ ਦੁਨੀਆਂ ਤੱਕ ਪ੍ਰੇਰਿਤ ਕਰਦੀਆਂ ਰਹਿਣਗੀਆਂ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਮਨੁੱਖਤਾ ਨੂੰ ਸਮਾਨਤਾ, ਆਪਸੀ ਭਾਈਚਾਰੇ ਅਤੇ ਏਕਤਾ ਦਾ ਸੰਦੇਸ਼ ਦਿੱਤਾ, ਜਿਸ ਦੀ ਅੱਜ ਦੇ ਸਮੇਂ ਵਿੱਚ ਹੋਰ ਵੀ ਵੱਧ ਮਹੱਤਤਾ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਸਾਡੇ ਨੌਜਵਾਨਾਂ ਅਤੇ ਬੱਚਿਆਂ ਨੂੰ ਸਾਈਬਰ ਬੁਲੀ ਅਤੇ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਦ੍ਰਿੜ ਇਰਾਦੇ ਵਾਲੇ ਬਣਾਉਣ ਵਿੱਚ ਵੀ ਸਹਾਈ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿ ਨਵੇਂ ਅੰਕੜਿਆਂ ਅਨੁਸਾਰ ਸਾਡੇ ਬੱਚੇ ਨਸ਼ਿਆਂ ਦੀ ਲਾਹਨਤ ਪ੍ਰਤੀ ਵੱਧ ਜਾਗਰੂਕ ਹੋ ਰਹੇ ਹਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪ ਲੈ ਰਹੇ ਹਨ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣ ਲਈ ਵੱਖ-ਵੱਖ ਸਮਾਗਮ ਕਰਵਾਏ ਜਾ ਰਹੇ ਹਨ, ਤਾਂ ਜੋ ਗੁਰੂ ਜੀ ਦੀ ਮਹਾਨ ਬਾਣੀ, ਵਿਚਾਰਧਾਰਾ ਅਤੇ ਮਨੁੱਖਤਾ ਨੂੰ ਜੋੜਨ ਵਾਲਾ ਸੰਦੇਸ਼ ਘਰ-ਘਰ ਤੱਕ ਪਹੁੰਚਾਇਆ ਜਾ ਸਕੇ।

ਇਸ ਮੌਕੇ ਸਿਹਤ ਮੰਤਰੀ ਨੇ 'ਖੇਡਾਂ ਵਤਨ ਪੰਜਾਬ ਦੀਆਂ' ਦਾ ਪੋਰਟਲ ਵੀ ਲਾਂਚ ਕੀਤਾ। ਮੈਰਾਥਨ ਦੇ ਜੇਤੂਆਂ ਨੂੰ ਇਨਾਮਾਂ ਦੀ ਵੰਡ ਕੀਤੀ। ਪਰਮਿੰਦਰ ਭਲਵਾਨ ਨੇ ਹਾਜ਼ਰ ਨੌਜਵਾਨਾਂ ਅਤੇ ਬੱਚਿਆਂ ਨੂੰ ਨਸ਼ਿਆਂ ਵਿਰੁੱਧ ਸਹੁੰ ਵੀ ਚੁਕਾਈ। ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਮੈਰਾਥਨ ਪੋਲੋ ਗਰਾਊਂਡ ਤੋਂ ਸ਼ੁਰੂ ਹੋ ਕੇ ਵਾਈਪੀਐਸ ਚੌਂਕ, ਐਨ.ਆਈ.ਐਸ. ਚੌਂਕ ਅਤੇ ਫੁਹਾਰਾ ਚੌਂਕ ਤੋਂ ਹੁੰਦੀ ਹੋਈ ਮੁੜ ਪੋਲੋ ਗਰਾਊਂਡ ਵਿਖੇ ਸਮਾਪਤ ਹੋਈ। ਮੈਰਾਥਨ ਵਿੱਚ ਭਾਗ ਲੈਣ ਵਾਲਿਆਂ ਨੇ ਲਗਭਗ ਪੰਜ ਕਿਲੋਮੀਟਰ ਦੀ ਦੂਰੀ ਤੈਅ ਕੀਤੀ ਅਤੇ ਨੌਜਵਾਨਾਂ ਤੇ ਬੱਚਿਆਂ ਨੇ ਭਾਰੀ ਉਤਸ਼ਾਹ ਨਾਲ ਇਸ ਵਿੱਚ ਹਿੱਸਾ ਲਿਆ।

## ਰਾਹੁਲ ਗਾਂਧੀ ਖ਼ਿਲਾਫ਼ ਦਰਜ ਕੇਸ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਕਾਂਗਰਸ ਵੱਲੋਂ ਰੋਸ ਪ੍ਰਦਰਸ਼ਨ

**ਚੰਡੀਗੜ੍ਹ, 1 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਅਤੇ ਹਰਿਆਣਾ ਦੇ ਕਾਂਗਰਸੀ ਆਗੂਆਂ ਨੇ ਮੰਗਲਵਾਰ ਨੂੰ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵਿਰੁੱਧ ਹਲਦਵਾਨੀ 'ਸ਼ੁੱਧੀਕਰਨ' ਵਿਵਾਦ ਨੂੰ ਲੈ ਕੇ ਦਰਜ ਕੀਤੀ ਗਈ ਐੱਫ.ਆਈ.ਆਰ. ਦੇ ਖ਼ਿਲਾਫ਼ ਚੰਡੀਗੜ੍ਹ ਵਿੱਚ ਪ੍ਰਦਰਸ਼ਨ ਕੀਤਾ। ਭੁਪਿੰਦਰ ਸਿੰਘ ਹੁੱਡਾ ਅਤੇ ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਰਾਜ ਕੁਮਾਰ ਵੇਰਕਾ ਸਮੇਤ ਸੀਨੀਅਰ ਕਾਂਗਰਸੀ ਆਗੂ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ। ਇਸ ਦੌਰਾਨ ਕਈ ਆਗੂਆਂ ਨੂੰ ਪੁਲੀਸ ਨੇ ਹਿਰਾਸਤ ਵਿੱਚ ਲੈ ਲਿਆ। ਉਤਰਾਖੰਡ ਦੀ ਹਲਦਵਾਨੀ ਸਿਟੀ ਕੋਤਵਾਲੀ ਪੁਲੀਸ ਨੇ ਰਾਹੁਲ ਗਾਂਧੀ ਵਿਰੁੱਧ ਹਲਦਵਾਨੀ ਵਿੱਚ ÷ਸ਼ੁੱਧੀਕਰਨ ਰਸਮ÷ ਬਾਰੇ ਉਨ੍ਹਾਂ ਦੀਆਂ ਟਿੱਪਣੀਆਂ ਬਾਰੇ ਇੱਕ ਸ਼ਿਕਾਇਤ ਦੇ ਆਧਾਰ 'ਤੇ ਫਸਟ ਇਨਫਰਮੇਸ਼ਨ ਰਿਪੋਰਟ (ਐੱਫ.ਆਈ.ਆਰ.) ਦਰਜ ਕੀਤੀ ਹੈ, ਜਿਸ ਵਿੱਚ ਦੋਸ਼ ਲਾਇਆ ਗਿਆ ਹੈ ਕਿ ਉਨ੍ਹਾਂ ਨੇ ਅਨੁਸੂਚਿਤ ਜਾਤੀ ਨਾਲ ਸਬੰਧਤ ਇੱਕ ਵਿਅਕਤੀ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ।

ਜ਼ਿਕਰਯੋਗ ਹੈ ਕਿ ਰਾਹੁਲ ਗਾਂਧੀ ਖ਼ਿਲਾਫ਼ ਇਹ ਸ਼ਿਕਾਇਤ ਹਲਦਵਾਨੀ ਦੀ ਜਵਾਹਰ ਨਗਰ ਕਲੋਨੀ ਦੇ ਰਹਿਣ ਵਾਲੇ ਅਤੇ ਵਾਲਮੀਕਿ ਭਾਈਚਾਰੇ ਨਾਲ ਸਬੰਧਤ 26 ਸਾਲਾ ਅਮਿਤ ਕੁਮਾਰ ਵੱਲੋਂ ਦਰਜ ਕਰਵਾਈ ਗਈ ਸੀ। ਅਮਿਤ ਕੁਮਾਰ 'ਸ਼੍ਰੀ ਰਾਮ ਸੇਵਾ ਧਰਮਾਰਥ ਸੇਵਾ ਨਿਆਸ' ਸੰਸਥਾ ਦੇ ਅਹੁਦੇਦਾਰ ਵਜੋਂ ਸੇਵਾ ਨਿਭਾ ਰਹੇ ਹਨ।

## ਮੀਢਵਾਂ ਲੋਅਰ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਨੂੰ ਹਰਜੋਤ ਸਿੰਘ ਬੈਂਸ ਨੇ ਹਰੀ ਝੰਡੀ ਦੇ ਕੇ ਕੀਤਾ ਰਵਾਨਾ

### ਬਜ਼ੁਰਗਾਂ ਦੇ ਚਿਹਰਿਆਂ ਦੀ ਖੁਸ਼ੀ ਅਤੇ ਉਨ੍ਹਾਂ ਦਾ ਆਸ਼ੀਰਵਾਦ ਹੀ ਮੇਰੀ ਸਭ ਤੋਂ ਵੱਡੀ ਕਮਾਈ: ਹਰਜੋਤ ਸਿੰਘ ਬੈਂਸ

**ਸ਼੍ਰੀ ਅਨੰਦਪੁਰ ਸਾਹਿਬ 1 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਪਿੰਡ ਮੀਢਵਾਂ ਲੋਅਰ ਵਿਖੇ ਵਿਸ਼ੇਸ਼ ਤੌਰ 'ਤੇ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਸੰਗਤ ਨੂੰ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਇਹ ਉਪਰਾਲਾ ਕੀਤਾ ਗਿਆ ਹੈ, ਜਿਸ ਦਾ ਵੱਧ ਤੋਂ ਵੱਧ ਲੋਕਾਂ ਨੂੰ ਲਾਭ ਮਿਲ ਰਿਹਾ ਹੈ। ਯਾਤਰਾ 'ਤੇ ਰਵਾਨਾ ਹੋਣ ਵਾਲੀ ਸੰਗਤ ਵਿੱਚ ਖਾਸ ਕਰਕੇ ਬਜ਼ੁਰਗਾਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲੀ।

ਇਸ ਮੌਕੇ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੰਗਤ ਦੀ ਸੇਵਾ ਕਰਨਾ ਅਤੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜਦੋਂ ਬਜ਼ੁਰਗ ਆਪਣੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਲਈ ਖੁਸ਼ੀ-ਖੁਸ਼ੀ ਰਵਾਨਾ ਹੁੰਦੇ ਹਨ ਅਤੇ ਉਨ੍ਹਾਂ ਦੇ ਚਿਹਰਿਆਂ 'ਤੇ ਸੰਤੁਸ਼ਟੀ ਨਜ਼ਰ ਆਉਂਦੀ ਹੈ ਤਾਂ ਇਸ ਤੋਂ ਵੱਡੀ ਖੁਸ਼ੀ ਹੋਰ ਕੋਈ ਨਹੀਂ ਹੋ ਸਕਦੀ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੇ ਚਿਹਰਿਆਂ ਦੀ ਖੁਸ਼ੀ ਅਤੇ ਉਨ੍ਹਾਂ ਦਾ ਆਸ਼ੀਰਵਾਦ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਕਮਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਉਨ੍ਹਾਂ ਸ਼ਰਧਾਲੂਆਂ ਨੂੰ ਵੀ ਤੀਰਥ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ, ਜੋ ਆਰਥਿਕ ਜਾਂ ਹੋਰ ਕਾਰਨਾਂ ਕਰਕੇ ਆਪਣੀ ਇੱਛਾ ਪੂਰੀ ਨਹੀਂ ਕਰ ਪਾਉਂਦੇ ਸਨ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਪਹਿਲ ਦਿੱਤੀ ਜਾ ਰਹੀ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਯਾਤਰਾ ਦੌਰਾਨ ਪ੍ਰਸ਼ਾਸਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਆਪਸੀ ਭਾਈਚਾਰਾ ਤੇ ਸਦਭਾਵਨਾ ਬਣਾਈ ਰੱਖਣ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਲੋਕਾਂ ਨੂੰ ਆਪਣੀਆਂ ਧਾਰਮਿਕ ਅਤੇ ਸੱਭਿਆਚਾਰਕ ਜੜ੍ਹਾਂ ਨਾਲ ਜੋੜਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ।

ਬੱਸ ਦੇ ਰਵਾਨਾ ਹੋਣ ਸਮੇਂ ਪਿੰਡ ਵਾਸੀਆਂ ਅਤੇ ਯਾਤਰਾ 'ਤੇ ਜਾਣ ਵਾਲੀ ਸੰਗਤ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ। ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਤੀਰਥ ਯਾਤਰਾ ਯੋਜਨਾ ਉਨ੍ਹਾਂ ਲਈ ਬਹੁਤ ਲਾਹੇਵੰਦ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੁਫ਼ਤ ਯਾਤਰਾ ਦੀ ਸਹੂਲਤ ਮਿਲਣ ਕਾਰਨ ਉਹ ਆਪਣੇ ਪਰਿਵਾਰਾਂ ਅਤੇ ਸੰਗਤ ਨਾਲ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦੀ ਆਪਣੀ ਇੱਛਾ ਪੂਰੀ ਕਰ ਸਕਦੇ ਹਨ।

ਇਸ ਮੌਕੇ ਸਥਾਨਕ ਆਗੂਆਂ, ਪਿੰਡ ਵਾਸੀਆਂ ਅਤੇ ਸੰਗਤ ਨੇ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ ਅਤੇ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਸੰਪਾਦਕੀ

# ਤਕਨੀਕੀ ਤਰੱਕੀ ਦੀ ਰੁਸ਼ਨਾਈ ਬੱਚੇ, ਕੁਦਰਤ ਅਤੇ ਲੋਕਤੰਤਰ ਦਾ ਕੌਣ ਉਤਰਦਾਈ?



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

### ਡਿਜੀਟਲ ਜਾਲ ਤੋਂ ਹਿਮਾਲਿਆਈ ਆਫ਼ਤਾਂ ਅਤੇ ਵੋਟਰ ਸੂਚੀਆਂ ਤੱਕ— ਜਵਾਬਦੇਹੀ ਤੋਂ ਬਿਨਾਂ ਤਰੱਕੀ ਅਧੂਰੀ ਹੈ

ਅਸੀਂ ਜਿਸ ਦੌਰ ਵਿੱਚ ਜੀ ਰਹੇ ਹਾਂ, ਉਸ ਵਿੱਚ ਤਕਨਾਲੋਜੀ ਨੇ ਮਨੁੱਖ ਨੂੰ ਗਵੰਤ ਤਾਕਤ ਦਿੱਤੀ ਹੈ, ਪਰ ਇਸ ਤਾਕਤ ਨਾਲ ਜਵਾਬਦੇਹੀ ਦਾ ਬੋਝ ਵੀ ਉਤਨਾ ਹੀ ਵੱਡਾ ਹੋ ਗਿਆ ਹੈ। ਅੱਜ ਤਿੰਨ ਵੱਖ-ਵੱਖ ਮੋਰਚਿਆਂ—ਬੱਚਿਆਂ ਦੀ ਡਿਜੀਟਲ ਸੁਰੱਖਿਆ, ਹਿਮਾਲਿਆ ਦੀ ਵਾਤਾਵਰਣਕ ਸੁਰੱਖਿਆ ਅਤੇ ਲੋਕਤੰਤਰ ਦੀ ਚੋਣ ਪ੍ਰਕਿਰਿਆ—ਕੀ ਜਿਸ ਕੋਲ ਤਾਕਤ ਹੈ, ਕੀ ਇਹ ਜਵਾਬਦੇਹ ਵੀ ਹੈ? ਸੋਸ਼ਲ ਮੀਡੀਆ ਅਤੇ ਡਿਜੀਟਲ ਪਲੇਟਫਾਰਮਾਂ ਨੇ ਸੰਚਾਰ, ਸਿੱਖਿਆ ਅਤੇ ਜਾਣਕਾਰੀ ਦੇ ਨਵੇਂ ਦਰਵਾਜ਼ੇ ਖੋਲ੍ਹੇ ਹਨ। ਪਰ ਉਹੀ ਤਕਨਾਲੋਜੀ ਜੇਕਰ ਬੱਚੇ ਦੀ ਕਮਜ਼ੋਰੀ ਨੂੰ ਪਛਾਣ ਕੇ ਉਸ ਦਾ ਧਿਆਨ ਵੱਧ ਤੋਂ ਵੱਧ ਸਮੇਂ ਲਈ ਆਪਣੇ ਵੱਲ ਖਿੱਚਣ ਲਈ ਵਰਤੀ ਜਾਵੇ ਤਾਂ ਇਹ ਸਹੂਲਤ ਨਹੀਂ, ਡਿਜੀਟਲ ਜਾਲ ਹੈ।

ਹਾਲ ਹੀ ਵਿੱਚ ਦਿ ਟ੍ਰਿਬਿਊਨ ਦੇ ਸੰਪਾਦਕੀ ਨੇ ਵੀ ਇਹੀ ਗੰਭੀਰ ਸਵਾਲ ਉਠਾਇਆ ਹੈ ਕਿ ਜਿਹੜੇ ਪਲੇਟਫਾਰਮ ਵਰਤੋਂਕਾਰਾਂ (ਸਬਸਕ੍ਰਾਈਬਰਜ਼) ਦੀ ਸ਼ਮੂਲੀਅਤ ਵਧਾਉਣ ਲਈ ਅਤਿ-ਆਧੁਨਿਕ ਤਕਨਾਲੋਜੀ ਵਰਤ ਸਕਦੇ ਹਨ, ਉਹੀ ਤਕਨਾਲੋਜੀ ਬੱਚਿਆਂ ਨੂੰ ਨੁਕਸਾਨ ਤੋਂ ਬਚਾਉਣ ਲਈ ਕਿਉਂ ਨਹੀਂ ਵਰਤ ਸਕਦੇ?

ਬੇਸ਼ੁਮਾਰ ਸਕ੍ਰੋਲਿੰਗ, ਵਿਅਕਤੀਗਤ ਸਿਫ਼ਾਰਸ਼ਾਂ, ਲਗਾਤਾਰ ਸੂਚਨਾਵਾਂ ਅਤੇ ਪਸੰਦਾਂ ਦੀ ਮਨੋਵਿਗਿਆਨਕ ਖੇਡ ਹੁਣ ਸਿਰਫ਼ ਮਨੋਰੰਜਨ ਨਹੀਂ ਰਹੀ। ਇਹ ਮਨੁੱਖੀ ਧਿਆਨ ਨੂੰ ਇੱਕ ਵਪਾਰਕ ਵਸਤੂ ਬਣਾਉਣ ਵਾਲਾ ਮਾਡਲ ਹੈ।

ਭਾਰਤ ਲਈ ਇਹ ਮਸਲਾ ਹੋਰ ਵੀ ਮਹੱਤਵਪੂਰਨ ਹੈ। ਯੂਨੀਸੈਫ਼ ਦੀ ਰਿਪੋਰਟ ਅਨੁਸਾਰ ਭਾਰਤ ਵਿੱਚ 10 ਤੋਂ 19 ਸਾਲ ਦੀ ਉਮਰ ਦੇ ਲਗਭਗ 25.3 ਕਰੋੜ ਬਾਲਗ ਹਨ ਭਾਵ ਹਰ ਪੰਜਵਾਂ ਭਾਰਤੀ ਵਿਅਕਤੀ ਇਸ ਉਮਰ-ਵਰਗ ਨਾਲ ਸਬੰਧਤ ਹੈ।

ਇਸ ਲਈ ਬੱਚਿਆਂ ਦੀ ਸੁਰੱਖਿਆ ਸਿਰਫ਼ ਮਾਪਿਆਂ ਦੀ ਜ਼ਿੰਮੇਵਾਰੀ ਨਹੀਂ ਹੋ ਸਕਦੀ। ਮਾਪੇ ਇਹ ਤਾਂ ਦੇਖ ਸਕਦੇ ਹਨ ਕਿ ਬੱਚਾ ਕਿੰਨਾ ਸਮਾਂ ਮੋਬਾਈਲ ਵਰਤ ਰਿਹਾ ਹੈ, ਪਰ ਉਹ ਇਹ ਨਹੀਂ ਦੇਖ ਸਕਦੇ ਕਿ ਉਸਨੂੰ ਅਗਲਾ, ਐਲਗੋਰਿਦਮ ਕੀ ਦਿਖਾ / ਸਿਖਾ ਰਿਹਾ ਹੈ।

ਉਮਰ ਦੀ ਪੁਸ਼ਟੀ, ਬੱਚਿਆਂ ਲਈ ਸੁਰੱਖਿਅਤ ਡਿਫਾਲਟ ਸੈਟਿੰਗਾਂ, ਹਾਨੀਕਾਰਕ ਸਮੱਗਰੀ ਦੀ ਤੁਰੰਤ ਪਛਾਣ, ਸਾਈਬਰ-ਬੁਲਿੰਗ, ਜਿਨਸੀ ਸ਼ੋਸ਼ਣ ਅਤੇ ਏ ਆਈ (ਕ੍ਰਿਤ੍ਰਿਮ ਬੁੱਧੀ) ਰਾਹੀਂ ਬਣਾਈ ਜਾਅਲੀ ਸਮੱਗਰੀ ਵਿਰੁੱਧ ਮਜ਼ਬੂਤ ਪ੍ਰਬੰਧ ਇਸ ਪਲੇਟਫਾਰਮਾਂ ਦੀ ਵੀ ਜਵਾਬਦੇਹੀ ਲਾਜ਼ਮੀ ਹੈ.

ਯੂਨੀਸੈਫ਼ ਵੀ ਆਨਲਾਈਨ ਜਿਨਸੀ ਸ਼ੋਸ਼ਣ ਅਤੇ ਦੁਰਵਰਤੋਂ ਨੂੰ ਬੱਚਿਆਂ ਲਈ ਸਭ ਤੋਂ ਗੰਭੀਰ ਡਿਜੀਟਲ ਖਤਰਿਆਂ ਵਿੱਚ ਗਿਣਦਾ ਹੈ। ਇਹ ਨਹੀਂ ਕਿ ਬੱਚਾ ਇੰਟਰਨੈੱਟ ਤੋਂ ਕਿਵੇਂ ਦੂਰ ਰਹੇ ਇੱਥੇ ਜ਼ਰੂਰਤ ਹੈ ਕਿ ਇੰਟਰਨੈੱਟ ਬੱਚੇ ਲਈ ਸੁਰੱਖਿਅਤ ਕਿਵੇਂ ਬਣੇ।

ਅਗਸਤ 2026 ਵਿੱਚ ਨੇਪਾਲ-ਚੀਨ ਸਰਹੱਦੀ ਹਿਮਾਲਿਆਈ ਖੇਤਰ ਵਿੱਚ ਗਲੇਸ਼ੀਅਰ ਅਤੇ ਪੱਥਰਾਂ ਦੇ ਵੱਡੇ ਧਸਣ ਨਾਲ ਆਈ ਭਿਆਨਕ ਬਾੜ੍ਹ ਨੇ ਸੈਂਕੜਿਆਂ ਜਾਨਾਂ ਲੈ ਲਈਆਂ ਅਤੇ ਹਜ਼ਾਰਾਂ ਲੋਕਾਂ ਦੇ ਲਾਪਤਾ ਹੋਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ। ਬਚਾਅ ਕਾਰਜਾਂ ਨੂੰ ਭੂਗੋਲ, ਮੌਸਮ ਅਤੇ ਵਧਦੇ ਦਰਿਆਈ ਪਾਣੀ ਨੇ ਹੋਰ ਮੁਸ਼ਕਲ ਬਣਾਇਆ। ਇਹ ਕੇਵਲ ਨੇਪਾਲ ਦੀ ਤ੍ਰਾਸਦੀ ਨਹੀਂ। ਹਿਮਾਲਿਆ ਭਾਰਤ ਸਮੇਤ ਪੂਰੇ ਦੱਖਣੀ ਏਸ਼ੀਆ ਦੀ ਜਲ-ਸੁਰੱਖਿਆ, ਖੇਤੀਬਾੜੀ ਅਤੇ ਕਰੋੜਾਂ ਲੋਕਾਂ ਦੀ ਜ਼ਿੰਦਗੀ ਨਾਲ ਜੁੜਿਆ ਹੈ।

ਪਿਛਲੇ ਇੱਕ ਦਹਾਕੇ ਵਿੱਚ ਹਿਮਾਲਿਆਈ ਖੇਤਰ ਵਿੱਚ ਗਲੇਸ਼ੀਅਰ ਝੀਲਾਂ ਦੇ ਫਟਣ, ਅਚਾਨਕ ਹੜ੍ਹਾਂ, ਭੂ-ਸਖਲਨਾਂ ਅਤੇ ਬੱਦਲ ਫਟਣ ਵਰਗੀਆਂ ਘਟਨਾਵਾਂ ਨੇ ਵਾਰ-ਵਾਰ ਚੇਤਾਵਨੀ ਦਿੱਤੀ ਹੈ। 2021 ਦੀ ਉੱਤਰਾਖੰਡ ਆਫ਼ਤ ਅਤੇ 2023 ਦੀ ਸਿੱਕਿਮ ਗਲੇਸ਼ੀਅਰ ਝੀਲ ਆਫ਼ਤ ਇਸੇ ਖਤਰੇ ਦੀਆਂ ਵੱਡੀਆਂ ਉਦਾਹਰਣਾਂ ਹਨ।

ਇਸ ਲਈ ਹੁਣ ਵਿਕਾਸ ਦਾ ਮਤਲਬ ਸਿਰਫ਼ ਸੜਕ, ਬੰਨ੍ਹ, ਸੁਰੰਗ ਅਤੇ ਬਿਜਲੀ ਪ੍ਰੋਜੈਕਟ ਨਹੀਂ ਸਗੋਂ ਸੂਝ ਬੂੱਝ ਅਤੇ ਤਕਨੀਕੀ ਤਰੀਕੇ ਕੁਦਰਤ ਦੀ ਵਹਿਣ-ਸਮਰੱਥਾ ਅਤੇ ਖੇਤਰ ਦੀ ਭੂਗੋਲਿਕ ਹੱਦ ਨੂੰ ਸਮਝ ਕੇ ਕੀਤਾ ਹੀ ਵਿਕਾਸ ਹੈ।

ਹਿਮਾਲਿਆ ਵਿੱਚ ਵੱਡੇ ਪ੍ਰੋਜੈਕਟਾਂ ਤੋਂ ਪਹਿਲਾਂ ਵਿਗਿਆਨਕ ਅਧਿਐਨ, ਭੂ-ਜੋਖਮ ਨਕਸ਼ੇ, ਗਲੇਸ਼ੀਅਰ ਨਿਗਰਾਨੀ, ਸਮੇਂ ਸਿਰ ਚੇਤਾਵਨੀ ਪ੍ਰਣਾਲੀਆਂ ਅਤੇ ਭਾਰਤ-ਨੇਪਾਲ-ਚੀਨ ਵਿਚਕਾਰ ਜਲਵਾਯੂ ਤੇ ਆਫ਼ਤ ਸਬੰਧੀ ਜਾਣਕਾਰੀ ਸਾਂਝੀ ਕਰਨਾ ਹੁਣ ਵਿਕਲਪ ਨਹੀਂ ਸਗੋਂ ਲੋੜ ਹੈ

ਵੋਟਰ ਸੂਚੀ ਦੀ ਸ਼ੁੱਧਤਾ ਲੋਕਤੰਤਰ ਦੀ ਬੁਨਿਆਦੀ ਸ਼ਰਤ ਹੈ। ਜਾਅਲੀ ਜਾਂ ਦੂਹਰੇ ਨਾਮ ਹਟਾਉਣਾ ਜਿੰਨਾ ਜ਼ਰੂਰੀ ਹੈ, ਉਤਨਾ ਹੀ ਜ਼ਰੂਰੀ ਇਹ ਯਕੀਨੀ ਬਣਾਉਣਾ ਹੈ ਕਿ ਇੱਕ ਵੀ ਯੋਗ ਨਾਗਰਿਕ ਪ੍ਰਸ਼ਾਸਨਿਕ ਜਾਂ ਡਿਜੀਟਲ ਗਲਤੀ ਕਾਰਨ ਆਪਣਾ ਵੋਟ ਦਾ ਹੱਕ ਨਾ ਗੁਆਏ।

ਦਿੱਲੀ ਦੀ ਚੱਲ ਰਹੀ ਵਿਸ਼ੇਸ਼ ਗਹਿਰੀ ਵੋਟਰ ਸੂਚੀ ਸੋਧ ਇਸ ਚੁਣੌਤੀ ਦੀ ਵਿਸ਼ਾਲਤਾ ਦਰਸਾਉਂਦੀ ਹੈ। ਰਿਪੋਰਟਾਂ ਮੁਤਾਬਕ ਹੁਣ ਤੱਕ 1.45 ਕਰੋੜ ਵੋਟਰਾਂ ਵਿੱਚੋਂ 97.5 ਲੱਖ ਦੇ ਫਾਰਮ ਡਿਜੀਟਾਈਜ਼ ਹੋਏ, ਜਦਕਿ 47.6 ਲੱਖ ਫਾਰਮ ਉਸ ਪੜਾਅ 'ਤੇ ਡਿਜੀਟਾਈਜ਼ ਨਹੀਂ ਹੋਏ। ਇਹ ਅੰਕੜਾ ਆਪਣੇ ਆਪ ਵਿੱਚ ਅੰਤਿਮ ਤੌਰ 'ਤੇ ਵੋਟਰਾਂ ਦੇ ਨਾਮ ਕੱਟੇ ਜਾਣ ਦਾ ਸਬੂਤ ਨਹੀਂ ਹੈ, ਪਰ ਇਹ ਜ਼ਰੂਰ ਦੱਸਦਾ ਹੈ ਕਿ ਪੁਸ਼ਟੀ ਅਤੇ ਦਾਅਵਾ-ਇਤਰਾਜ਼ ਦੀ ਪ੍ਰਕਿਰਿਆ ਕਿੰਨੀ ਮਹੱਤਵਪੂਰਨ ਹੈ। ਲੋਕਤੰਤਰ ਵਿੱਚ ਇੱਕ ਵੋਟ ਦਾ ਜ਼ਾਇਆ ਜਾਣਾ ਚਿੰਤਾ ਦਾ ਵਿਸ਼ਾ ਹੈ।

ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਸਿਰਫ਼ ਸੂਚੀ ਤਿਆਰ ਕਰਨਾ ਨਹੀਂ; ਹਰ ਯੋਗ ਨਾਗਰਿਕ ਨੂੰ ਆਪਣਾ ਨਾਮ ਜਾਂਚਣ, ਗਲਤੀ ਠੀਕ ਕਰਵਾਉਣ ਅਤੇ ਆਪਣਾ ਪੱਖ ਰੱਖਣ ਦਾ ਆਸਾਨ, ਪਾਰਦਰਸ਼ੀ ਅਤੇ ਸਮੇਂਬੱਧ ਮੌਕਾ ਦੇਣਾ ਵੀ ਹੈ। ਵੋਟਰ ਸੂਚੀ ਦੀ ਸਫ਼ਾਈ ਜ਼ਰੂਰੀ ਹੈ, ਪਰ ਵੋਟਰ ਦੇ ਅਧਿਕਾਰ ਦੀ ਕੀਮਤ 'ਤੇ ਕਦੀ ਵੀ ਨਹੀਂ।

### ਤਿੰਨ ਸੰਕਟ, ਇੱਕੋ ਸਬਕ

ਅਜੀਬ ਗੱਲ ਹੈ ਕਿ ਬੱਚੇ ਦੀ ਆਨਲਾਈਨ ਸੁਰੱਖਿਆ, ਹਿਮਾਲਿਆ ਦੀ ਵਾਤਾਵਰਣਕ ਸੁਰੱਖਿਆ ਅਤੇ ਵੋਟਰ ਸੂਚੀ ਤਿੰਨੋਂ ਵੱਖਰੇ ਵਿਸ਼ੇ ਲੱਗਦੇ ਹਨ। ਪਰ ਇਨ੍ਹਾਂ ਦੇ ਕੇਂਦਰ ਵਿੱਚ ਇੱਕੋ ਸ਼ਬਦ ਹੈ ਉਹ ਹੈ ਜਵਾਬਦੇਹੀ।

ਪਲੇਟਫਾਰਮ ਕੋਲ ਐਲਗੋਰਿਦਮ ਦੀ ਤਾਕਤ ਹੈ, ਉਸਨੂੰ ਸੁਰੱਖਿਆ ਦੀ ਜ਼ਿੰਮੇਵਾਰੀ ਲੈਣੀ ਪਵੇਗੀ।

ਸਰਕਾਰ ਅਤੇ ਉਦਯੋਗ ਕੋਲ ਕੁਦਰਤੀ ਸਰੋਤਾਂ ਦੇ ਇਸਤੇਮਾਲ ਦੀ ਤਾਕਤ ਹੈ, ਉਨ੍ਹਾਂ ਨੂੰ ਵਾਤਾਵਰਣ ਦੀ ਜ਼ਿੰਮੇਵਾਰੀ ਲੈਣੀ ਪਵੇਗੀ।

ਚੋਣ ਪ੍ਰਸ਼ਾਸਨ ਕੋਲ ਵੋਟਰ ਸੂਚੀ ਬਣਾਉਣ ਦੀ ਤਾਕਤ ਹੈ, ਉਸਨੂੰ ਹਰ ਯੋਗ ਵੋਟਰ ਦੇ ਅਧਿਕਾਰ ਦੀ ਰੱਖਿਆ ਦੀ ਜ਼ਿੰਮੇਵਾਰੀ ਲੈਣੀ ਪਵੇਗੀ।

ਤਕਨਾਲੋਜੀ ਮਨੁੱਖ ਲਈ ਹੈ, ਮਨੁੱਖ ਤਕਨਾਲੋਜੀ ਲਈ ਨਹੀਂ।

ਵਿਕਾਸ ਕੁਦਰਤ ਲਈ ਹੈ, ਕੁਦਰਤ ਵਿਕਾਸ ਦੀ ਕੁਰਬਾਨੀ ਤੇ ਨਹੀਂ।

ਚੋਣਾਂ ਸੱਤਾ ਲਈ ਨਹੀਂ, ਲੋਕਾਂ ਦੇ ਅਧਿਕਾਰ ਲਈ ਹਨ।

ਅਸੀਂ ਤਰੱਕੀ ਨੂੰ ਸਿਰਫ਼ ਰਫ਼ਤਾਰ ਨਾਲ ਨਾ ਮਾਪੀਏ; ਉਸਨੂੰ ਸੁਰੱਖਿਆ, ਨਿਆਂ, ਪਾਰਦਰਸ਼ਤਾ ਅਤੇ ਮਨੁੱਖੀ ਮਰਿਆਦਾ ਨੂੰ ਹੀਰ ਵੀ ਯਕੀਨੀ ਬਣਾਉਣ ਨਾਲ ਵੀ ਮਾਪੀਏ।

ਜੇਕਰ ਸਾਡੇ ਬੱਚੇ ਡਿਜੀਟਲ ਜਾਲ ਵਿੱਚ ਅਸੁਰੱਖਿਅਤ ਹਨ, ਜੇ ਸਾਡੀਆਂ ਨਦੀਆਂ ਅਤੇ ਪਹਾੜ ਬੇਤਰਤੀਬੇ ਵਿਕਾਸ ਹੇਠ ਦੱਬ ਰਹੇ ਹਨ ਅਤੇ ਜੇ ਕਿਸੇ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਗਲਤੀ ਨਾਲ ਗਾਇਬ ਹੋ ਸਕਦਾ ਹੈ. ਕੀ ਤੁਸੀਂ ਇਸ ਨੂੰ ਦੇਸ਼ ਕਿੰਨੀ ਮਜ਼ਬੂਤੀ ਨਾਲ ਅੱਗੇ ਵਧਿਆ ਦੀ ਤਰੱਕੀ ਨਾਲ ਦੇਖੋਗੇ। ਇਹ ਗਲਤ ਹੈ, ਤਰੱਕੀ, ਵਿਕਾਸ ਦੇ ਨਾਮ ਤੇ ਕਲੰਕ ਹੈ ਭਵਿੱਖ ਲਈ ਇਕ ਡੂੰਗਾ ਟੋਆ ਹੈ।

ਅਸੀ ਜਵਾਬ ਦੇਹ ਬਣੇ ਅਤੇ ਅਸੀਂ ਤਰੱਕੀ ਕਰਦੇ ਹੋਏ ਇਨਸਾਨ, ਕੁਦਰਤ ਅਤੇ ਲੋਕਤੰਤਰ ਨੂੰ ਕਿੰਨਾ ਸੁਰੱਖਿਅਤ ਰੱਖਿਆ? ਇਹ ਮੈਨੇਜਮੈਂਟ ਦੀ ਚੁਣੌਤੀ ਅੱਜ ਦੀ ਪੀੜ੍ਹੀ ਲਈ ਵੀ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ।

## ਜੀਓ ਦਾ ਵੱਡਾ ਆਈ.ਪੀ.ਓ, ਸਮਝਦਾਰੀ ਦੀ ਪਰਖ ਜਾਂ ਖੰਡ ਘਿਓ

ਭਾਰਤੀ ਪੂੰਜੀ ਬਾਜ਼ਾਰ ਇਸ ਸਮੇਂ ਇੱਕ ਅਜਿਹੇ ਮੋੜ 'ਤੇ ਖੜ੍ਹਾ ਹੈ, ਜਿੱਥੇ ਰਿਲਾਇੰਸ ਇੰਡਸਟ੍ਰੀਜ਼ ਦੀ ਡਿਜੀਟਲ ਅਤੇ ਦੂਰਸੰਚਾਰ ਇਕਾਈ ਜੀਓ ਪਲੇਟਫਾਰਮਜ਼ ਦਾ ਪ੍ਰਸਤਾਵਿਤ ਲਗਭਗ ?37,700 ਕਰੋੜ ਦਾ ਆਈਪੀਓ ਬਾਜ਼ਾਰ ਦੀ ਦਿਸ਼ਾ ਨੂੰ ਪ੍ਰਭਾਵਿਤ ਕਰਨ ਵਾਲੀ ਘਟਨਾ ਬਣ ਸਕਦਾ ਹੈ। 28 ਅਗਸਤ 2026 ਨੂੰ ਭਾਰਤੀ ਸਿਕਿਉਰਿਟੀਜ਼ ਐਂਡ ਐਕਸਚੇਂਜ ਬੋਰਡ ਆਫ਼ ਇੰਡੀਆ (ਸੇਬੀ) ਵੱਲੋਂ ਡਰਾਫਟ ਦਸਤਾਵੇਜ਼ 'ਤੇ ਅੰਤਿਮ ਟਿੱਪਣੀਆਂ ਮਿਲਣ ਨਾਲ ਇਸ ਵਿਸ਼ਾਲ ਜਨਤਕ ਪੇਸ਼ਕਸ਼ ਦਾ ਰਸਤਾ ਸਾਫ਼ ਹੋ ਗਿਆ ਹੈ। ਇਹ ਆਕਾਰ 2024 ਵਿੱਚ ਹੁੰਡਈ ਮੋਟਰ ਇੰਡੀਆ ਦੇ ਲਗਭਗ ?27,870 ਕਰੋੜ ਦੇ ਆਈਪੀਓ ਤੋਂ ਵੀ ਵੱਡਾ ਹੋਵੇਗਾ।

ਜੀਓ ਪਲੇਟਫਾਰਮਜ਼ ਵੱਲੋਂ ਵੱਧ ਤੋਂ ਵੱਧ 27 ਕਰੋੜ ਨਵੇਂ ਇਕਵਿਟੀ ਸ਼ੇਅਰ ਜਾਰੀ ਕਰਨ ਦੀ ਯੋਜਨਾ ਹੈ, ਜੋ ਪੋਸਟ-ਇਸ਼ੂ ਇਕਵਿਟੀ ਦਾ ਲਗਭਗ 2.9 ਫ਼ੀਸਦੀ ਬਣਦੇ ਹਨ। ਇਸ ਵਿੱਚ ਮੌਜੂਦਾ ਨਿਵੇਸ਼ਕਾਂ ਵੱਲੋਂ ਸ਼ੇਅਰ ਵੇਚਣ ਵਾਲੀ 'ਆਫ਼ਰ ਫ਼ਾਰ ਸੇਲ' ਵਿਵਸਥਾ ਨਹੀਂ ਹੈ। ਭਾਵ ਆਈਪੀਓ ਰਾਹੀਂ ਇਕੱਠੀ ਹੋਣ ਵਾਲੀ ਰਕਮ ਕੰਪਨੀ ਵਿੱਚ ਆਵੇਗੀ। ਇਸ ਵਿੱਚੋਂ ਲਗਭਗ ?27,500 ਕਰੋੜ ਰਿਲਾਇੰਸ ਜੀਓ ਇਨਫੋਕੌਮ ਦੇ ਕਰਜ਼ੇ ਦੀ ਅਦਾਇਗੀ ਜਾਂ ਪੂਰਵ-ਅਦਾਇਗੀ ਲਈ ਵਰਤੇ ਜਾਣ ਦੀ ਯੋਜਨਾ ਹੈ।

ਇਹ ਪੱਖ ਨਿਵੇਸ਼ਕਾਂ ਲਈ ਮਹੱਤਵਪੂਰਨ ਹੈ, ਕਿਉਂਕਿ ਕਰਜ਼ੇ ਵਿੱਚ ਕਮੀ ਨਾਲ ਵਿਆਜ ਦਾ ਬੋਝ ਘਟ ਸਕਦਾ ਹੈ ਅਤੇ ਭਵਿੱਖ ਵਿੱਚ ਨਕਦੀ ਪ੍ਰਵਾਹ ਨੂੰ ਹੋਰ ਮਜ਼ਬੂਤੀ ਮਿਲ ਸਕਦੀ ਹੈ।

ਜੀਓ ਹੁਣ ਕੇਵਲ ਮੋਬਾਈਲ ਸਿਮ ਜਾਂ ਇੰਟਰਨੈੱਟ ਕੰਪਨੀ ਨਹੀਂ ਰਹੀ। ਇਸ ਦਾ ਕਾਰੋਬਾਰ ਦੂਰਸੰਚਾਰ ਤੋਂ ਅੱਗੇ ਵਧ ਕੇ ਡਿਜੀਟਲ ਸੇਵਾਵਾਂ, ਮਨੋਰੰਜਨ, ਕਲਾਉਡ, ਉਦਯੋਗਿਕ ਤਕਨਾਲੋਜੀ ਅਤੇ ਏਆਈ (ਕ੍ਰਿਤ੍ਰਿਮ ਬੁੱਧੀ) ਵਰਗੇ ਖੇਤਰਾਂ ਤੱਕ ਫੈਲ ਰਿਹਾ ਹੈ। ਰਾਇਟਰਜ਼ ਅਨੁਸਾਰ ਜੀਓ ਦੇ 53.3 ਕਰੋੜ ਤੋਂ ਵੱਧ ਮੋਬਾਈਲ ਗਾਹਕ ਹਨ ਅਤੇ ਕੰਪਨੀ ਦੁਨੀਆ ਦੇ ਸਭ ਤੋਂ ਵੱਡੇ ਮੋਬਾਈਲ ਆਪਰੇਟਰਾਂ ਵਿੱਚੋਂ ਇੱਕ ਹੈ।

ਇਸ ਤੋਂ ਇਲਾਵਾ ਰਿਲਾਇੰਸ ਇੰਡਸਟ੍ਰੀਜ਼ ਦੀ ਜੀਓ ਪਲੇਟਫਾਰਮਜ਼ ਵਿੱਚ ਲਗਭਗ 66.4 ਫ਼ੀਸਦੀ ਹਿੱਸੇਦਾਰੀ ਹੈ, ਜਦਕਿ ਮੇਟਾ ਅਤੇ ਗੂਗਲ ਵਰਗੀਆਂ ਵਿਸ਼ਵ ਪੱਧਰੀ ਕੰਪਨੀਆਂ ਵੀ ਇਸ ਵਿੱਚ ਮਹੱਤਵਪੂਰਨ ਨਿਵੇਸ਼ਕ ਹਨ। ਇਹ ਗੱਲ ਜੀਓ ਦੇ ਕਾਰੋਬਾਰੀ ਮਾਡਲ ਅਤੇ ਭਵਿੱਖੀ ਸੰਭਾਵਨਾਵਾਂ ਵਿੱਚ ਅੰਤਰਰਾਸ਼ਟਰੀ ਨਿਵੇਸ਼ਕਾਂ ਦੇ ਭਰੋਸੇ ਨੂੰ ਦਰਸਾਉਂਦੀ ਹੈ।

ਆਈਪੀਓ ਦਾ ਅਨੁਮਾਨਿਤ ਆਕਾਰ ਲਗਭਗ ?37,700 ਕਰੋੜ ਹੈ ਅਤੇ ਬਾਜ਼ਾਰ ਵਿੱਚ ਜੀਓ ਪਲੇਟਫਾਰਮਜ਼ ਦਾ ਸੰਭਾਵਿਤ ਮੁਲਾਂਕਣ ਕਰੀਬ 9.5 ਲੱਖ ਕਰੋੜ ਦੱਸਿਆ ਜਾ ਰਿਹਾ ਹੈ। ਹਾਲਾਂਕਿ ਕੁਝ ਬਾਜ਼ਾਰ ਅਨੁਮਾਨ ਇਸ ਤੋਂ ਵੀ ਵੱਧ ਮੁਲਾਂਕਣ ਵੱਲ ਇਸ਼ਾਰਾ ਕਰਦੇ ਰਹੇ ਹਨ। ਇਸ ਲਈ ਨਿਵੇਸ਼ਕਾਂ ਲਈ ਅਸਲ ਸਵਾਲ ਇਹ ਨਹੀਂ ਕਿ 'ਜੀਓ ਕਿੰਨੀ ਵੱਡੀ ਕੰਪਨੀ ਹੈ', ਬਲਕਿ ਇਹ ਹੈ ਕਿ ਜੋ ਕੀਮਤ ਆਈਪੀਓ ਵਿੱਚ ਮੰਗੀ ਜਾਵੇਗੀ, ਕੀ ਭਵਿੱਖ ਦੀ ਕਮਾਈ ਉਸ ਕੀਮਤ ਨੂੰ ਜਾਇਜ਼ ਠਹਿਰਾ ਸਕੇਗੀ? ਮਝਣ ਵਾਲੀ ਗੱਲ ਹੈ ਕਿ: ਜੀਓ ਦੇ ਡਰਾਫਟ ਦਸਤਾਵੇਜ਼ ਵਿੱਚ ਸਪੈਕਟ੍ਰਮ ਅਤੇ ਨਿਯਮਕ ਜੋਖਮ, ਭਾਰੀ ਪੂੰਜੀ ਖਰਚ, ਤਿੱਖੀ ਮੁਕਾਬਲੇਬਾਜ਼ੀ, ਸਪਲਾਇਰਾਂ 'ਤੇ ਨਿਰਭਰਤਾ, ਨੈੱਟਵਰਕ ਢਾਂਚੇ ਦੀ ਕੇਂਦਰੀਕਰਨ ਨਾਲ ਜੁੜੇ ਜੋਖਮ ਅਤੇ ਸਾਈਬਰ ਸੁਰੱਖਿਆ ਵਰਗੀਆਂ ਚੁਣੌਤੀਆਂ ਦਰਜ ਹਨ। ਦੂਰਸੰਚਾਰ ਖੇਤਰ ਵਿੱਚ ਸਰਕਾਰੀ ਨੀਤੀਆਂ ਅਤੇ ਸਪੈਕਟ੍ਰਮ ਦੀ ਲਾਗਤ ਵੀ ਕੰਪਨੀ ਦੀ ਵਿੱਤੀ ਕਾਰਗੁਜ਼ਾਰੀ 'ਤੇ ਅਸਰ ਪਾ ਸਕਦੀ ਹੈ। ਇਸ ਲਈ ਸਿਰਫ਼ ਕੰਪਨੀ ਦੇ ਵਿਸ਼ਾਲ ਗਾਹਕ ਆਧਾਰ ਜਾਂ ਰਿਲਾਇੰਸ ਬ੍ਰਾਂਡ ਨੂੰ ਦੇਖ ਕੇ ਨਿਵੇਸ਼ ਦਾ ਫ਼ੈਸਲਾ ਕਰਨਾ ਸਮਝਦਾਰੀ ਨਹੀਂ ਜੀਓ ਦਾ ਆਈਪੀਓ ਅਜਿਹੇ ਸਮੇਂ ਆ ਰਿਹਾ ਹੈ ਜਦੋਂ ਭਾਰਤੀ ਪ੍ਰਾਇਮਰੀ ਬਾਜ਼ਾਰ ਵਿੱਚ ਪਹਿਲਾਂ ਹੀ ਤੇਜ਼ੀ ਹੈ। ਰਿਪੋਰਟਾਂ ਮੁਤਾਬਕ ਜੁਲਾਈ ਤੋਂ ਬਾਅਦ ਦੋ ਦਰਜਨ ਤੋਂ ਵੱਧ ਆਈਪੀਓ ਬਾਜ਼ਾਰ ਵਿੱਚ ਆ ਚੁੱਕੇ ਜਾਂ ਐਲਾਨੇ ਜਾ ਚੁੱਕੇ ਹਨ। ਸਤੰਬਰ ਵਿੱਚ ਜੀਓ ਸਮੇਤ ਵੱਡੀਆਂ ਪੇਸ਼ਕਸ਼ਾਂ ਆਉਣ ਨਾਲ ਨਿਵੇਸ਼ਕਾਂ ਦੀ ਪੂੰਜੀ ਲਈ ਮੁਕਾਬਲੇ ਦੀ ਗਰਮੀ ਦਾ ਤਾਪਮਾਨ ਹੋਰ ਵਧ ਸਕਦਾ ਹੈ।

ਜੀਓ ਦਾ ਆਈਪੀਓ ਭਾਰਤੀ ਪੂੰਜੀ ਬਾਜ਼ਾਰ ਦੀ ਪਰਿਪੱਕਤਾ ਅਤੇ ਭਾਰਤੀ ਡਿਜੀਟਲ ਅਰਥਵਿਵਸਥਾ ਦੀ ਵਧਦੀ ਤਾਕਤ ਦਾ ਪ੍ਰਤੀਕ ਹੈ। ਪਰ ਵੱਡਾ ਆਈਪੀਓ ਆਪਣੇ ਆਪ ਵਿੱਚ ਵਧੀਆ ਨਿਵੇਸ਼ ਦੀ ਗਾਰੰਟੀ ਨਹੀਂ ਹੁੰਦਾ। ਨਿਵੇਸ਼ਕ ਨੂੰ ਮੁਲਾਂਕਣ, ਕਮਾਈ ਦੀ ਵਿਕਾਸ ਦਰ, ਕਰਜ਼ਾ, ਨਕਦੀ ਪ੍ਰਵਾਹ, ਮੁਕਾਬਲਾ, ਨਿਯਮਕ ਜੋਖਮ ਅਤੇ ਭਵਿੱਖੀ ਪੂੰਜੀ ਖਰਚ ਆਦਿ ਹਰ ਪੱਖ ਨੂੰ ਪਰਖਣਾ ਚਾਹੀਦਾ ਹੈ।

ਜੀਓ ਦੀ ਕਹਾਣੀ ਨਿਸ਼ਚਿਤ ਤੌਰ 'ਤੇ ਵੱਡੀ ਹੈ; ਪਰ ਨਿਵੇਸ਼ਕ ਲਈ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਇਸ ਕਹਾਣੀ ਦੀ ਕੀਮਤ ਕਿੰਨੀ ਹੈ ਅਤੇ ਆਈਪੀਓ ਦੀ ਅਸਲ ਪਰਖ ਸ਼ੇਅਰ ਦੀ ਸੂਚੀਬੱਧਤਾ ਵਾਲੇ ਦਿਨ ਨਹੀਂ, ਉਸ ਤੋਂ ਬਾਅਦ ਕੰਪਨੀ ਵੱਲੋਂ ਕੀਤੀ ਜਾਣ ਵਾਲੀ ਕਮਾਈ ਵਿੱਚ ਹੋਵੇਗੀ।

-ਛੱਤਰਪਾਲ ਸਿੰਘ

## ਲੋਕਾਂ 'ਚ ਵਧਦੇ ਵਿਰੋਧ ਕਾਰਨ ਬੁਖਲਾਹਟ 'ਚ ਆਪ ਸਰਕਾਰ; ਵਿਰੋਧੀਆਂ 'ਤੇ ਝੂਠੇ ਪਰਚੇ ਦਰਜ ਕਰਵਾਉਣ 'ਚ ਡਾ. ਬਲਬੀਰ ਸਿੰਘ ਮੋਹਰੀ: ਮੋਹਿਤ ਮੋਹਿੰਦਰਾ

**ਪਟਿਆਲਾ, 1 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਹਲਕਾ ਇੰਚਾਰਜ ਸ਼੍ਰੀ ਮੋਹਿਤ ਮੋਹਿੰਦਰਾ ਨੇ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵਿਰੁੱਧ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਹਲਕਾ ਪਟਿਆਲਾ ਦਿਹਾਤੀ ਵਿੱਚ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਦਿਨੋਂ-ਦਿਨ ਵਧ ਰਿਹਾ ਜ਼ਮੀਨੀ ਵਿਰੋਧ ਦੇਖ ਕੇ ਸਰਕਾਰ ਪੂਰੀ ਤਰ੍ਹਾਂ ਬੁਖਲਾ ਚੁੱਕੀ ਹੈ। ਇਸ ਵਧਦੇ ਵਿਰੋਧ ਕਾਰਨ ਜਦੋਂ ਲੋਕ ਆਪਣੀਆਂ ਸਮੱਸਿਆਵਾਂ ਜਾਂ ਸਰਕਾਰ ਦੀ ਕਾਰਗੁਜ਼ਾਰੀ ਸਬੰਧੀ ਸਵਾਲ



ਪੁੱਛਦੇ ਹਨ, ਤਾਂ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਲਈ ਸਿਆਸੀ ਦਬਾਅ ਪਾਇਆ ਜਾ ਰਿਹਾ ਹੈ, ਜੋ ਕਿ ਲੋਕਤੰਤਰ ਲਈ ਬੇਹੱਦ ਚਿੰਤਾਜਨਕ ਹੈ।

ਮੋਹਿਤ ਮੋਹਿੰਦਰਾ ਨੇ ਡਾ. ਬਲਬੀਰ ਸਿੰਘ 'ਤੇ ਸਿੱਧਾ ਇਲਜ਼ਾਮ ਲਗਾਉਂਦਿਆਂ ਕਿਹਾ ਕਿ ਹਲਕੇ ਵਿੱਚ ਆਪਣੇ ਖ਼ਿਲਾਫ਼ ਦਿਨੋਂ-ਦਿਨ ਵਧਦੇ ਵਿਰੋਧ ਅਤੇ ਲੋਕ ਰੋਹ ਨੂੰ ਠੱਲ੍ਹ ਪਾਉਣ ਲਈ ਕਾਂਗਰਸੀ ਵਰਕਰਾਂ ਅਤੇ ਵਿਰੋਧੀ ਵਿਚਾਰ ਰੱਖਣ ਵਾਲੇ ਆਗੂਆਂ 'ਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਲਈ ਦਬਾਅ ਬਣਾਇਆ ਜਾ ਰਿਹਾ ਹੈ। ਜਿਹੜੇ ਵਰਕਰ ਇਸ ਰਾਜਨੀਤਿਕ ਦਬਾਅ ਅੱਗੇ ਝੁਕਣ ਤੋਂ ਇਨਕਾਰ ਕਰਦੇ ਹਨ, ਉਨ੍ਹਾਂ ਖ਼ਿਲਾਫ਼ ਸਰਕਾਰੀ ਤੰਤਰ ਦੀ ਦੁਰਵਰਤੋਂ ਕਰਕੇ ਝੂਠੇ ਅਤੇ ਨਾਜਾਇਜ਼ ਪੁਲਿਸ ਕੇਸ ਦਰਜ ਕਰਵਾਏ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਪਿੰਡ ਰੋਹਟੀ ਖ਼ਾਸ ਦੇ ਬੇਕਸੂਰ ਵਿਅਕਤੀ ਕੁਲਵੰਤ ਸਿੰਘ ਲਾਡੀ ਤੇ ਗੁਰਮੀਤ ਸਿੰਘ ਖ਼ਿਲਾਫ਼ ਦਰਜ ਕੀਤੇ ਗਏ ਝੂਠੇ ਪਰਚੇ ਦੇ ਵਿਰੋਧ ਵਿੱਚ ਅੱਜ ਰੋਹਟੀ ਪੁਲ ਨੇੜੇ ਪੁਲਿਸ ਚੌਕੀ ਦੇ ਬਾਹਰ ਰੋਸ ਧਰਨਾ ਦਿੱਤਾ ਗਿਆ। ਮੋਹਿਤ ਮੋਹਿੰਦਰਾ ਨੇ ਸਪੱਸ਼ਟ ਕੀਤਾ ਕਿ ਇਹ ਧਰਨਾ ਸਿਹਤ ਮੰਤਰੀ ਦੀ ਸਿਆਸੀ ਧੱਕੇਸ਼ਾਹੀ ਖ਼ਿਲਾਫ਼ ਅਤੇ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਦਿੱਤਾ ਗਿਆ ਹੈ।

ਹਲਕੇ ਦੀ ਕਾਨੂੰਨ-ਵਿਵਸਥਾ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਕਿਹਾ ਕਿ ਇੱਕ ਪਾਸੇ ਸਿਆਸੀ ਬਦਲਾਖੋਰੀ ਤਹਿਤ ਵਿਰੋਧੀਆਂ 'ਤੇ ਕੇਸ ਠੋਕੇ ਜਾ ਰਹੇ ਹਨ, ਜਦਕਿ ਦੂਜੇ ਪਾਸੇ ਮੰਤਰੀ ਦੇ ਆਪਣੇ ਹਲਕੇ ਵਿੱਚ ਸ਼ਰੇਆਮ ਨਸ਼ੇ ਦੀ ਵਿਕਰੀ, ਕਤਲ ਅਤੇ ਲੁੱਟ-ਖੋਹ ਦੀਆਂ ਘਟਨਾਵਾਂ ਵਧ ਰਹੀਆਂ ਹਨ।

ਉਨ੍ਹਾਂ ਨਸੀਹਤ ਦਿੱਤੀ ਕਿ ਸਿਹਤ ਮੰਤਰੀ ਵਿਰੋਧੀਆਂ ਨੂੰ ਦਬਾਉਣ ਦੀ ਬਜਾਏ ਹਲਕੇ ਵਿੱਚ ਅਪਰਾਧ ਅਤੇ ਨਸ਼ਿਆਂ ਨੂੰ ਨੱਥ ਪਾਉਣ ਵੱਲ ਧਿਆਨ ਦੇਣ। ਅੰਤ ਵਿੱਚ ਮੋਹਿਤ ਮੋਹਿੰਦਰਾ ਨੇ ਮੰਗ ਕੀਤੀ ਕਿ ਰੋਹਟੀ ਖ਼ਾਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਬੇਕਸੂਰਾਂ ਖ਼ਿਲਾਫ਼ ਦਰਜ ਕੀਤੇ ਝੂਠੇ ਪਰਚੇ ਤੁਰੰਤ ਰੱਦ ਕੀਤੇ ਜਾਣ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਧੱਕੇਸ਼ਾਹੀ ਬੰਦ ਨਾ ਹੋਈ ਤਾਂ ਕਾਂਗਰਸ ਪਾਰਟੀ ਇਸ ਸੰਘਰਸ਼ ਨੂੰ ਹੋਰ ਵਿਸ਼ਾਲ ਰੂਪ ਦੇਵੇਗੀ।

## ਸ਼ਿਵ ਸੈਨਾ ਹਿੰਦੂਸਤਾਨ ਦੇ ਪ੍ਰਧਾਨ ਵੱਲੋਂ ਗਗਨ ਨੌਹਰੀਆ ਅਤੇ ਅਸ਼ੀਸ਼ ਅਹੀਰ ਅਹੁਦਿਆਂ ਤੋਂ ਮੁਕਤ



**ਪਟਿਆਲਾ, 1 ਸਤੰਬਰ**
**-ਵਿਸ਼ਾਲ ਗੁਪਤਾ-**

ਸ਼ਿਵ ਸੈਨਾ ਹਿੰਦੁਸਤਾਨ ਨੇ ਅੱਜ ਇੱਕ ਮਹੱਤਵਪੂਰਨ ਫੈਸਲਾ ਲਿਆ ਹੈ, ਜਿਸ ਵਿੱਚ ਕੁਝ ਗੈਰ ਸਰਗਰਮ ਪਾਰਟੀ ਅਹੁਦੇਦਾਰਾਂ ਨੂੰ ਉਨ੍ਹਾਂ ਦੇ ਅਹੁਦਿਆਂ ਤੋਂ ਹਟਾ ਦਿੱਤਾ ਗਿਆ ਹੈ ਅਤੇ ਉਨ੍ਹਾਂ ਨੂੰ ਸੰਗਠਨ ਤੋਂ ਕੱਢ ਦਿੱਤਾ ਗਿਆ ਹੈ। ਪਾਰਟੀ ਕਿਸੇ ਵੀ ਅਹੁਦੇਦਾਰਾਂ ਦੀ ਅਯੋਗਤਾ ਨੂੰ ਬਰਦਾਸ਼ਤ ਨਹੀਂ ਕਰੇਗੀ।

ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਉਪ ਪ੍ਰਧਾਨ, ਮੋਗਾ ਦੇ ਨਿਵਾਸੀ ਸ਼੍ਰੀ ਗਗਨ ਨੌਹਰੀਆ ਅਤੇ ਜਲੰਧਰ ਦੇ ਨਿਵਾਸੀ ਸ਼੍ਰੀ ਅਸ਼ੀਸ਼ ਅਹੀਰ ਨੂੰ ਉਨ੍ਹਾਂ ਦੇ ਅਹੁਦਿਆਂ ਤੋਂ ਮੁਕਤ ਕਰ ਦਿੱਤਾ ਗਿਆ ਹੈ ਅਤੇ ਤੁਰੰਤ ਪ੍ਰਭਾਵ ਨਾਲ ਪਾਰਟੀ ਤੋਂ ਕੱਢ ਦਿੱਤਾ ਗਿਆ ਹੈ। ਜਲੰਧਰ ਇਕਾਈ ਨੂੰ ਵੀ ਤੁਰੰਤ ਪ੍ਰਭਾਵ ਨਾਲ ਭੰਗ ਕਰ ਦਿੱਤਾ ਗਿਆ ਹੈ। ਜਿਨ੍ਹਾਂ ਨੂੰ ਜਲੰਧਰ ਵਿੱਚ ਪਾਰਟੀ ਅਹੁਦੇ ਦਿੱਤੇ ਗਏ ਸਨ, ਉਨ੍ਹਾਂ ਨੂੰ ਸਾਰੇ ਅਹੁਦਿਆਂ ਤੋਂ ਹਟਾ ਦਿੱਤਾ ਗਿਆ ਹੈ ਅਤੇ ਭੰਗ ਕਰ ਦਿੱਤਾ ਗਿਆ ਹੈ।

## ਦਾ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਟਰਾਇਲ 3 ਨੂੰ

**ਪਟਿਆਲਾ, 1 ਸਤੰਬਰ**
**-ਛਤਰਪਾਲ ਸਿੰਘ-**

ਦਾ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਵੱਲੋਂ ਪ੍ਰੋ. ਗੁਰਸੇਵਕ ਸਿੰਘ ਸਰਕਾਰੀ ਕਾਲਜ ਆਫ ਫਿਜੀਕਲ ਐਜੂਕੇਸ਼ਨ, ਪਟਿਆਲਾ ਵਿਖੇ 3 ਸਤੰਬਰ ਨੂੰ ਸਪੋਰਟਸ ਵਿੰਗ ਅਧੀਨ ਜੂਡੋ, ਫੈਨਸਿੰਗ, ਬਾਕਸਿੰਗ, ਹਾਕੀ, ਬੈਡਮਿੰਟਨ, ਬਾਸਕਟਬਾਲ, ਕਬੱਡੀ, ਨੈੱਟਬਾਲ, ਆਰਚਰੀ, ਅਥਲੈਟਿਕਸ, ਟੇਬਲ ਟੈਨਿਸ, ਵਾਲੀਬਾਲ, ਵੇਟ ਲਿਫਟਿੰਗ, ਕੁਸ਼ਤੀ, ਹੈਂਡਬਾਲ, ਤੈਰਾਕੀ, ਖੋਹ-ਖੋਹ, ਫੁੱਟਬਾਲ, ਜਿਮਨਾਸਟਿਕ, ਸਾਈਕਲਿੰਗ, ਲਾਅਨ ਟੈਨਿਸ ਆਦਿ ਖੇਡਾਂ ਲਈ ਟਰਾਇਲ ਲਏ ਜਾ ਰਹੇ ਹਨ। ਇਸ ਸਬੰਧੀ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਜਾਣਕਾਰੀ ਦਿੰਦਿਆ ਕਿਹਾ ਕਿ ਦਾ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਭਾਰਤ ਦੀਆਂ ਅੱਠ ਯੂਨੀਵਰਸਿਟੀਆਂ ਵਿੱਚੋਂ ਇੱਕ ਹੈ ਜਿਸ ਦਾ ਮੁੱਖ ਮੰਤਵ ਖੇਡਾਂ ਨੂੰ ਉਤਸ਼ਾਹਿਤ ਕਰਕੇ ਖਿਡਾਰੀਆਂ ਲਈ ਅਜਿਹੇ ਪਲੇਟਫਾਰਮ ਨੂੰ ਪੈਦਾ ਕਰਨਾ ਹੈ ਜਿਨ੍ਹਾਂ ਸਦਕਾ ਉਹ ਮਾਨਸਿਕ ਅਤੇ ਸਰੀਰਿਕ ਪੱਖ ਤੋਂ ਤੰਦਰੁਸਤ ਰਹਿ ਕੇ ਇੱਕ ਨਰੋਏ ਸਮਾਜ ਦੀ ਸਿਰਜਣਾ ਕਰ ਸਕਣ। ਉਨ੍ਹਾਂ ਦੱਸਿਆ ਕਿ 2019 ਵਿੱਚ ਸਥਾਪਿਤ ਹੋਈ ਇਹ ਸੰਸਥਾ ਦਿਨੋਂ ਦਿਨ ਤਰੱਕੀ ਦੇ ਪੈਂਡਿਆ ਨੂੰ ਸਰ ਕਰਨ ਦੇ ਸਮਰੱਥ ਹੋ ਸਕੀ ਹੈ, ਸਾਡਾ ਇੱਕੋ ਨਾਅਰਾ ਹੈ ਖੇਡੇਗਾ ਪੰਜਾਬ - ਖਿੜੇਗਾ ਪੰਜਾਬ। ਅਸੀਂ ਖਿਡਾਰੀਆਂ ਲਈ ਸੁਨਹਿਰੀ ਮੌਕੇ ਪੈਦਾ ਕਰਨ ਅਤੇ ਉਨ੍ਹਾਂ ਨੂੰ ਹਰ ਚੁਣੌਤੀ ਦਾ ਸਾਹਮਣਾ ਕਰਨ ਦੇ ਸਮਰੱਥ ਬਣਾਉਣ ਲਈ ਵਚਨਬੱਧ ਹਾਂ। ਅਸੀ ਨਿਰੰਤਰ ਇਹ ਉਪਰਾਲੇ ਕਰ ਰਹੇ ਹਾਂ ਜਿਨ੍ਹਾਂ ਸਦਕਾ ਸਾਡੀ ਯੂਨੀਵਰਸਿਟੀ ਦੁਨੀਆਂ ਦੀ ਵੱਖ-ਵੱਖ ਸੰਸਥਾਵਾਂ ਵਿੱਚੋਂ ਮੁਹਰਲੀ ਕਤਾਰ ਵਿੱਚ ਸ਼ਾਮਲ ਹੋ ਸਕੇ। ਪੰਜਾਬ ਸਰਕਾਰ ਵੱਲੋਂ ਸਾਨੂੰ ਖੇਡ ਵਿੰਗ ਦੀ ਪ੍ਰਵਾਨਗੀ ਮਿਲ ਚੁੱਕੀ ਹੈ। ਖਿਡਾਰੀਆਂ ਨੂੰ ਚੰਗੇ ਕੋਚ, ਚੰਗੇ ਖੇਡ ਮੈਦਾਨ, ਚੰਗੇ ਖਾਣੇ ਦਾ ਪ੍ਰਬੰਧ, ਚੰਗੀਆਂ ਤਕਨੀਕਾਂ ਮੁਹੱਈਆ ਕਰਵਾਉਣਾ ਸਾਡੀ ਮੁੱਖ ਜ਼ਿੰਮੇਵਾਰੀ ਹੈ। ਖੇਡ ਵਿੰਗ ਵਿੱਚ ਸਾਡੇ ਕੋਲ ਕੁੱਲ ਸੀਟਾਂ ਦੀ ਗਿਣਤੀ 350 ਹੈ। ਇਨ੍ਹਾਂ ਵਿੱਚ 150 ਰੈਜ਼ੀਡੈਂਸ਼ੀਅਲ ਅਤੇ 200 ਡੇਅ-ਸਕਾਲਰ ਖਿਡਾਰੀਆਂ ਦੀਆਂ ਸੀਟਾਂ ਸ਼ਾਮਲ ਹਨ। ਪ੍ਰਤੀ ਖਿਡਾਰੀ ਲਈ 225/- ਰੁਪਏ ਰੈਜ਼ੀਡੈਂਸ਼ੀਅਲ ਅਤੇ 125/- ਰੁਪਏ ਡੇਅ-ਸਕਾਲਰ ਖਿਡਾਰੀ ਲਈ ਡਾਈਟ ਦਾ ਪ੍ਰਬੰਧ ਹੈ। ਪੰਜਾਬ ਦੇ ਸਾਰੇ ਖਿਡਾਰੀਆਂ ਲਈ ਇਹ ਅਜਿਹਾ ਸੁਨਹਿਰੀ ਮੌਕਾ ਹੈ, ਜਿਸ ਵਿੱਚ ਉਨ੍ਹਾਂ ਦੀ ਉਡੀਕ ਅਜਿਹੇ ਖੇਡ ਦੇ ਮੈਦਾਨ ਕਰ ਰਹੇ ਹਨ ਜਿਹੜੇ ਦੁਨੀਆਂ ਦੇ ਉੱਚ ਕੋਟੀ ਦੇ ਮੈਦਾਨਾਂ ਵਿੱਚ ਸ਼ੁਮਾਰ ਹਨ।

## ਮੀਰੀ-ਪੀਰੀ ਖਾਲਸਾ ਮਾਰਚ ਦਾ ਮੈਸ਼ ਪ੍ਰੋਲਾਈਫ ਹਸਪਤਾਲ ਵੱਲੋਂ ਭਰਵਾਂ ਸਵਾਗਤ

**ਲੁਧਿਆਣਾ, 1 ਸਤੰਬਰ**
**-ਜਗਮੇਲ ਸਿੰਘ ਢਿੱਲੋਂ-**

ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਸਿਧਾਂਤ 'ਮੀਰੀ-ਪੀਰੀ' ਨੂੰ ਸਮਰਪਿਤ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਆਰੰਭ ਕੀਤੇ ਮੀਰੀ-ਪੀਰੀ ਖਾਲਸਾ ਮਾਰਚ ਦਾ ਮੈਸ਼ ਪ੍ਰੋਲਾਈਫ ਹਸਪਤਾਲ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਗੁਰਦੁਆਰਾ ਮੰਜੀ ਸਾਹਿਬ, ਆਲਮਗੀਰ ਵਿਖੇ ਰਾਤਰੀ ਵਿਸ਼ਰਾਮ ਉਪਰੰਤ ਅਗਲੇ ਪੜਾਅ ਲਈ ਰਵਾਨਾ ਹੋਇਆ ਮਾਰਚ ਜਦੋਂ ਹਸਪਤਾਲ ਦੇ ਸਾਹਮਣੇ ਪਹੁੰਚਿਆ ਤਾਂ ਹਸਪਤਾਲ ਦੇ ਡਾਇਰੈਕਟਰ ਅਤੇ ਚੀਫ਼ ਕਨਸਲਟੈਂਟ ਡਾ. ਹਰਪ੍ਰੀਤ ਸਿੰਘ ਜੌਲੀ ਦੀ ਅਗਵਾਈ ਹੇਠ ਸਮੂਹ ਸਟਾਫ਼ ਵੱਲੋਂ ਸ਼ਰਧਾ ਅਤੇ ਸਤਿਕਾਰ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਹਸਪਤਾਲ ਵੱਲੋਂ ਮਾਰਚ ਵਿੱਚ ਸ਼ਾਮਲ ਸਮੂਹ ਸੰਗਤਾਂ ਦੀ ਸੇਵਾ ਲਈ ਲੰਗਰ ਲਗਾਇਆ ਗਿਆ। ਸੰਗਤਾਂ ਨੇ ਹਸਪਤਾਲ ਵੱਲੋਂ ਕੀਤੀ ਸੇਵਾ ਦੀ ਸ਼ਲਾਘਾ ਕਰਦਿਆਂ ਜੈਕਾਰਿਆਂ ਦੀ ਗੂੰਜ ਨਾਲ ਧਾਰਮਿਕ ਮਾਹੌਲ ਨੂੰ ਹੋਰ ਵੀ ਭਾਵਪੂਰਤ ਬਣਾ ਦਿੱਤਾ। ਡਾ. ਹਰਪ੍ਰੀਤ ਸਿੰਘ ਜੌਲੀ ਨੇ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਬਖਸ਼ਿਆ ਮੀਰੀ-ਪੀਰੀ ਦਾ ਸਿਧਾਂਤ ਸਾਨੂੰ ਧਾਰਮਿਕ ਅਤੇ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣ ਦੇ ਨਾਲ-ਨਾਲ ਸੱਚ, ਇਨਸਾਫ਼ ਅਤੇ ਮਨੁੱਖਤਾ ਦੀ ਸੇਵਾ ਲਈ ਪ੍ਰੇਰਿਤ ਕਰਦਾ ਹੈ।

ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੇ ਸਨਮੁਖ ਨਤਮਸਤਕ ਹੋ ਕੇ ਉਨ੍ਹਾਂ ਦੀਆਂ ਸਿੱਖਿਆਵਾਂ ਅਨੁਸਾਰ ਸੇਵਾ ਕਰਨ ਦੀ ਪ੍ਰੇਰਨਾ ਮਿਲਦੀ ਹੈ।

ਉਨ੍ਹਾਂ ਕਿਹਾ ਕਿ ਸਿਹਤ ਸੇਵਾ ਵੀ ਮਨੁੱਖਤਾ ਦੀ ਸੇਵਾ ਦਾ ਮਹੱਤਵਪੂਰਨ ਰੂਪ ਹੈ। ਬਿਮਾਰੀ ਜਾਂ ਮੁਸ਼ਕਲ ਦੀ ਘੜੀ ਵਿੱਚ ਕਿਸੇ ਵਿਅਕਤੀ ਨੂੰ ਸਹੀ ਇਲਾਜ, ਹੌਸਲਾ ਅਤੇ ਸਹਿਯੋਗ ਦੇਣਾ ਸਮਾਜ ਪ੍ਰਤੀ ਸਾਡੀ ਜ਼ਿੰਮੇਵਾਰੀ ਹੈ। ਮੈਸ਼ ਪ੍ਰੋਲਾਈਫ ਹਸਪਤਾਲ ਦੀ ਪੂਰੀ ਟੀਮ ਇਸੇ ਸੇਵਾ ਭਾਵਨਾ ਨਾਲ ਮਰੀਜ਼ਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਯਤਨਸ਼ੀਲ ਹੈ।

## ਮਿਸ਼ਨ ਜੀਵਨੀ ਤਹਿਤ ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਟਸ ਵਿਖੇ ਖ਼ੂਨਦਾਨ ਕੈਂਪ ਆਯੋਜਿਤ

**ਲੁਧਿਆਣਾ, 1 ਸਤੰਬਰ**
**-ਜਗਮੇਲ ਸਿੰਘ ਢਿੱਲੋਂ-**

ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ. ਦੀ ਅਗਵਾਈ ਹੇਠ ਚਲਾਏ ਜਾ ਰਹੇ 'ਮਿਸ਼ਨ ਜੀਵਨੀ' ਤਹਿਤ ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਟਸ (779) ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਮੁਹਿੰਮ ਦਾ ਉਦੇਸ਼ ਸਵੈ-ਇੱਛਤ ਖ਼ੂਨਦਾਨ ਨੂੰ ਉਤਸ਼ਾਹਿਤ ਕਰਨਾ ਅਤੇ ਲੋੜਵੰਦ ਮਰੀਜ਼ਾਂ ਲਈ ਖ਼ੂਨ ਦੀ ਉਪਲਬਧਤਾ ਯਕੀਨੀ ਬਣਾਉਣਾ ਹੈ। ਕੈਂਪ ਦੌਰਾਨ ਸੰਸਥਾ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ਼ ਮੈਂਬਰਾਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਖ਼ੂਨਦਾਨ ਕੀਤਾ। ਗਵਰਨੈਂਸ ਐਸੋਸੀਏਟ ਮੰਨਤ ਗਿੱਲ ਵੱਲੋਂ ਸੰਸਥਾ ਅਤੇ ਸਬੰਧਤ ਬਲੱਡ ਬੈਂਕ ਟੀਮ ਦੇ ਸਹਿਯੋਗ ਨਾਲ ਕੈਂਪ ਦੇ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਗਿਆ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਟਸ ਅਤੇ ਖ਼ੂਨਦਾਨੀਆਂ ਵੱਲੋਂ 'ਮਿਸ਼ਨ ਜੀਵਨੀ' ਨੂੰ ਦਿੱਤੇ ਸਹਿਯੋਗ ਦੀ ਸ਼ਲਾਘਾ ਕੀਤੀ।




## ਸੁਪਰੀਮ ਕੋਰਟ ਦੇ ਜੱਜ ਬੀ ਵੀ ਨਾਗਰਤਨਾ ਨੇ ਬਾਰ ਕੌਂਸਲਾਂ ਨੂੰ ਕਿਹਾ ਹੈ ਕਿ ਉਹ ਪੇਸ਼ੇਵਰ ਨੈਤਿਕਤਾ ਨੂੰ ਕਾਇਮ ਰੱਖਣ ਵਿੱਚ ਆਪਣੀ ਭੂਮਿਕਾ ਬਾਰੇ ਆਤਮ-ਚਿੰਤਨ ਕਰਨ

**ਚੰਡੀਗੜ੍ਹ, 1 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਪਰੀਮ ਕੋਰਟ ਦੇ ਜੱਜ ਬੀ ਵੀ ਨਾਗਰਤਨਾ ਨੇ ਬਾਰ ਕੌਂਸਲਾਂ ਨੂੰ ਕਿਹਾ ਹੈ ਕਿ ਉਹ ਪੇਸ਼ੇਵਰ ਨੈਤਿਕਤਾ ਨੂੰ ਕਾਇਮ ਰੱਖਣ ਵਿੱਚ ਆਪਣੀ ਭੂਮਿਕਾ ਬਾਰੇ ਆਤਮ-ਚਿੰਤਨ ਕਰਨ। ਜਦੋਂ ਨਿਆਂ ਪ੍ਰਣਾਲੀ ਵਿੱਚ ਕੇਸਾਂ ਦਾ ਲੰਬਿਤ ਹੋਣਾ, ਕਾਨੂੰਨੀ ਪ੍ਰਕਿਰਿਆਵਾਂ ਵਿੱਚ ਦੇਰੀ ਅਤੇ ਮੁਕੱਦਮੇਬਾਜ਼ੀ ਦਾ ਵਧਿਆ ਹੋਇਆ ਖਰਚਾ ਵੱਡੀਆਂ ਸਮੱਸਿਆਵਾਂ ਬਣੇ ਹੋਏ ਹਨ, ਉਦੋਂ ਵਕੀਲਾਂ ਨੂੰ ਇਹ ਸਵਾਲ ਕਰਨਾ ਚਾਹੀਦਾ ਹੈ ਕਿ ਕੀ ਉਹ ਆਮ ਲੋਕਾਂ ਤੱਕ ਇਨਸਾਫ਼ ਪਹੁੰਚਾਉਣ ਲਈ ਪੂਰੀ ਕੋਸ਼ਿਸ਼ ਕਰ ਰਹੇ ਹਨ। ਜਸਟਿਸ ਨਾਗਰਤਨਾ ਦਾ ਵਕੀਲਾਂ ਨੂੰ ਆਪਣੀ 'ਮਾਨਸਿਕਤਾ ਬਦਲਣ' ਦਾ ਸੱਦਾ ਦੇਣਾ ਇਸ ਪੇਸ਼ੇ ਦੇ ਅਸਲ ਮਕਸਦ ਨਾਲ ਜੁੜਿਆ ਹੋਇਆ ਹੈ। ਵਕੀਲਾਂ ਦੀ ਆਜ਼ਾਦੀ ਸਿਰਫ਼ ਉਨ੍ਹਾਂ ਦੀ ਸਹੂਲਤ ਲਈ ਕੋਈ ਵਿਸ਼ੇਸ਼ ਅਧਿਕਾਰ ਨਹੀਂ ਹੈ, ਸਗੋਂ ਇਹ ਸੰਵਿਧਾਨ ਦੀ ਇੱਕ ਮੁੱਖ ਲੋੜ ਹੈ। ਉਨ੍ਹਾਂ ਤੋਂ ਇਹ ਉਮੀਦ ਕੀਤੀ ਜਾਂਦੀ ਹੈ ਕਿ ਉਹ ਆਮ ਲੋਕਾਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਅਤੇ ਕਾਨੂੰਨ ਦੇ ਰਾਜ ਨੂੰ ਬਣਾਈ ਰੱਖਣ।

ਨਵੀਂ ਦਿੱਲੀ ਦੀ ਨੈਸ਼ਨਲ ਲਾਅ ਯੂਨੀਵਰਸਿਟੀ ਦੇ ਡਿਗਰੀ ਵੰਡ ਸਮਾਗਮ ਵਿੱਚ ਜਸਟਿਸ ਨਾਗਰਤਨਾ ਦਾ ਇਹ ਭਾਸ਼ਣ, ਬੰਗਲੂਰੂ ਦੀ ਨੈਸ਼ਨਲ ਲਾਅ ਸਕੂਲ ਆਫ਼ ਇੰਡੀਆ ਯੂਨੀਵਰਸਿਟੀ (ਐੱਨ ਐੱਲ ਐੱਸ ਆਈ ਯੂ) ਵੱਲੋਂ 'ਟਾਲੇ ਨਾ ਜਾ ਸਕਣ ਵਾਲੇ ਹਾਲਾਤ' ਦਾ ਹਵਾਲਾ ਦਿੰਦੇ ਹੋਏ ਆਪਣਾ ਡਿਗਰੀ ਵੰਡ ਸਮਾਗਮ ਰੱਦ ਕਰਨ ਤੋਂ ਸਿਰਫ਼ ਇੱਕ ਦਿਨ ਬਾਅਦ ਆਇਆ। ਇਸ ਦਾ ਮੁੱਖ ਕਾਰਨ ਐੱਨ ਐੱਲ ਐੱਸ ਆਈ ਯੂ ਦੇ ਵਿਦਿਆਰਥੀਆਂ ਅਤੇ ਪੁਰਾਣੇ ਵਿਦਿਆਰਥੀਆਂ ਵੱਲੋਂ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਅਤੇ ਬਾਰ ਕੌਂਸਲ ਆਫ਼ ਇੰਡੀਆ ਦੇ ਚੇਅਰਮੈਨ ਨੂੰ ਮੁੱਖ ਮਹਿਮਾਨ ਵਜੋਂ ਸੱਦਾ ਦੇਣ ਦਾ ਵਿਰੋਧ ਕਰਨਾ ਸੀ। ਕਾਨੂੰਨੀ ਭਾਈਚਾਰਾ ਇਸ ਸਮੇਂ ਸੰਸਥਾਗਤ ਜਵਾਬਦੇਹੀ ਅਤੇ ਮੱਤਭੇਦਾਂ ਦੇ ਮੁੱਦਿਆਂ ਨਾਲ ਜੂਝ ਰਿਹਾ ਹੈ। ਇਹ ਸਭ ਅਤੇ ਬਾਰ ਕੌਂਸਲ ਆਫ਼ ਇੰਡੀਆ ਦੇ ਉਸ ਆਦੇਸ਼ (ਜਿਸ ਨੂੰ ਬਾਅਦ ਵਿੱਚ ਵਾਪਸ ਲੈ ਲਿਆ ਗਿਆ ਸੀ) ਤੋਂ ਬਾਅਦ ਸ਼ੁਰੂ ਹੋਇਆ, ਜਿਸ ਵਿੱਚ ਨਾਲਸਾਰ ਯੂਨੀਵਰਸਿਟੀ ਆਫ਼ ਲਾਅ ਦੇ 2026 ਦੇ ਪਾਸ ਹੋਣ ਵਾਲੇ ਬੈਚ ਨੂੰ ਵਕੀਲਾਂ ਵਜੋਂ ਰਜਿਸਟਰ ਕਰਨ ਤੋਂ ਰੋਕਣ ਦੀ ਗੱਲ ਕਹੀ ਗਈ ਸੀ। ਹੈਦਰਾਬਾਦ ਸਥਿਤ ਇਸ ਯੂਨੀਵਰਸਿਟੀ ਦੇ ਕੁਝ ਵਿਦਿਆਰਥੀਆਂ ਨੇ ਚੀਫ਼ ਜਸਟਿਸ ਵੱਲੋਂ ਦਿੱਤੀ ਗਈ ਇੱਕ ਵਿਵਾਦਿਤ ਟਿੱਪਣੀ ਦਾ ਹਵਾਲਾ ਦਿੰਦਿਆਂ ਉਨ੍ਹਾਂ ਨੂੰ ਡਿਗਰੀ ਵੰਡ ਸਮਾਗਮ ਵਿੱਚ ਸੱਦਾ ਦੇਣ ਦਾ ਵਿਰੋਧ ਕੀਤਾ ਸੀ। ਬਾਰ ਕੌਂਸਲ ਆਫ਼ ਇੰਡੀਆ ਨੇ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦਿੱਤਾ ਪਰ ਇਸ ਕਾਰਨ ਉਸ ਨੂੰ ਸੁਪਰੀਮ ਕੋਰਟ ਤੋਂ ਆਪਣੀ ਹੱਦੋਂ ਬਾਹਰ ਜਾ ਕੇ ਕੰਮ ਕਰਨ ਲਈ ਝਿੜਕ ਵੀ ਸੁਣਨੀ ਪਈਭਾਰਤ ਦੀ ਨਿਆਂ ਪ੍ਰਣਾਲੀ ਸਿਰਫ਼ ਅਦਾਲਤਾਂ ਦੇ ਆਸਰੇ ਨਹੀਂ ਚੱਲ ਸਕਦੀ। ਜੱਜ, ਵਕੀਲ, ਸੰਸਥਾਵਾਂ ਅਤੇ ਮੁਕੱਦਮੇਬਾਜ਼, ਇਹ ਸਾਰੇ ਇਸ ਦੇ ਮਹੱਤਵਪੂਰਨ ਹਿੱਸੇ ਹਨ। ਪਰ ਬਾਰ (ਵਕੀਲਾਂ ਦੇ ਸਮੂਹ) ਦੀ ਭੂਮਿਕਾ ਸਭ ਤੋਂ ਵੱਖਰੀ ਅਤੇ ਅਹਿਮ ਹੈ। ਇਸ ਨੂੰ ਇਹ ਸਾਬਤ ਕਰਨਾ ਪਵੇਗਾ ਕਿ ਇਸ ਦੀ ਆਜ਼ਾਦੀ ਦੇ ਨਾਲ-ਨਾਲ ਇਸ ਦਾ ਜ਼ਿੰਮੇਵਾਰ ਹੋਣਾ ਵੀ ਲਾਜ਼ਮੀ ਹੈ, ਜਿਸ ਵਿੱਚ ਪੇਸ਼ੇਵਰ ਸਮਰੱਥਾ, ਨੈਤਿਕ ਕਦਰਾਂ-ਕੀਮਤਾਂ ਅਤੇ ਨਿਆਂ ਪ੍ਰਣਾਲੀਆਂ ਪ੍ਰਤੀ ਸਤਿਕਾਰ ਬਣਾਈ ਰੱਖਣਾ ਸ਼ਾਮਲ ਹੈ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, pubĺished and owned by Harjinder Chaudhary printed at Raftaar Printing Press, Factory Area, Patiaĺa and pubĺished at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



# ਪੌਲੀਟਿਕਸ



# ਆਪ ਸਰਕਾਰ ਲੋਕਾਂ ਦਾ ਪੈਸਾ ਲੋਕਾਂ ਨੂੰ ਮੋੜ ਰਹੀ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**➢ ਵਿਰੋਧੀ ਪਾਰਟੀਆਂ ਜੋ ਚਾਹੁਣ ਕਰ ਸਕਦੀਆਂ ਹਨ, ਸਾਡੀ ਸਰਕਾਰ ਲੋਕ ਹਿੱਤ ਵਿੱਚ ਕੰਮ ਕਰਨਾ ਜਾਰੀ ਰੱਖੇਗੀ ➢ ਹਰ ਘਰ ਨੂੰ ਰੋਜ਼ਗਾਰ, ਹਰ ਬਜ਼ੁਰਗ ਨੂੰ ਇਲਾਜ ਅਤੇ ਹਰ ਬੱਚੇ ਨੂੰ ਮਿਆਰੀ ਸਿੱਖਿਆ ਯਕੀਨੀ ਬਣਾਉਣਾ ਮੇਰੀ ਜ਼ਿੰਮੇਵਾਰੀ ਹੈ: ➢ ਜਿਨ੍ਹਾਂ ਮਾਵਾਂ-ਭੈਣਾਂ ਨੂੰ 'ਸਨਮਾਨ ਰਾਸ਼ੀ' ਨਹੀਂ ਮਿਲੀ, ਉਹ ਫਾਰਮ ਭਰਨ; ਉਨ੍ਹਾਂ ਨੂੰ ਵੀ ਜੁਲਾਈ ਤੋਂ ਰਾਸ਼ੀ ਮਿਲੇਗੀ**

**ਰਾਜਪੁਰਾ, 1 ਸਤੰਬਰ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਭਲਾਈ ਅਤੇ ਵਿਕਾਸ ਪਹਿਲਕਦਮੀਆਂ ਰਾਹੀਂ ਲੋਕਾਈ ਦਾ ਇੱਕ-ਇੱਕ ਰੁਪਿਆ ਲੋਕਾਂ ਨੂੰ ਮੋੜਨ ਲਈ ਵਚਨਬੱਧ ਹੈ। ਉਨ੍ਹਾਂ ਨਾਲ ਹੀ ਇਹ ਵੀ ਸਪੱਸ਼ਟ ਕੀਤਾ ਕਿ ਵਿਰੋਧੀ ਧਿਰਾਂ ਦਾ ਕੋਈ ਵੀ ਦਬਾਅ ਸਰਕਾਰ ਦੇ ਲੋਕ-ਪੱਖੀ ਏਜੰਡੇ ਨੂੰ ਪਟੜੀ ਤੋਂ ਨਹੀਂ ਲਾਹ ਸਕਦਾ। ਰਾਜਪੁਰਾ ਵਿਖੇ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਹਰ ਘਰ ਨੂੰ ਰੋਜ਼ਗਾਰ, ਹਰ ਬਜ਼ੁਰਗ ਨੂੰ ਇਲਾਜ ਅਤੇ ਹਰ ਬੱਚੇ ਨੂੰ ਮਿਆਰੀ ਸਿੱਖਿਆ ਦਿਵਾਉਣਾ ਸਾਡੀ ਜ਼ਿੰਮੇਵਾਰੀ ਹੈ। ਇਸ ਦੇ ਨਾਲ ਹੀ ਉਨ੍ਹਾਂ, ਜਿਨ੍ਹਾਂ ਔਰਤਾਂ ਨੂੰ ਅਜੇ ਤੱਕ ਸਨਮਾਨ ਰਾਸ਼ੀ ਨਹੀਂ ਮਿਲੀ, ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਜ਼ਰੂਰੀ ਰਸਮੀ ਕਾਰਵਾਈਆਂ ਪੂਰੀਆਂ ਕਰਨ ਤੋਂ ਬਾਅਦ ਉਨ੍ਹਾਂ ਨੂੰ ਵੀ ਜੁਲਾਈ ਤੋਂ ਰਾਸ਼ੀ ਮਿਲੇਗੀ।

'ਇੱਕ ਸ਼ਾਮ ਸ਼ਿਵ ਕੇ ਨਾਮ' ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਭ ਦਾ ਹੈ ਅਤੇ ਹਰ ਤਿਉਹਾਰ ਮਿਲ ਕੇ ਮਨਾਉਣ ਦੀ ਇਸ ਦੀ ਸਦੀਆਂ ਪੁਰਾਣੀ ਪਰੰਪਰਾ ਨੂੰ ਸੰਭਾਲ ਕੇ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ, ਪੰਜਾਬ ਇੱਕ ਅਜਿਹਾ ਗੁਲਦਸਤਾ ਹੈ, ਜਿਸ ਵਿੱਚ ਹਰ ਰੰਗ ਦਾ ਫੁੱਲ ਮੌਜੂਦ ਹੈ ਅਤੇ ਇਸ ਪਵਿੱਤਰ ਧਰਤੀ 'ਤੇ ਸਾਰੇ ਵਧਦੇ-ਫੁੱਲਦੇ ਹਨ। ਸਾਡੀ ਧਰਤੀ ਇੰਨੀ ਉਪਜਾਊ ਹੈ ਕਿ ਇੱਥੇ ਹਰ ਬੀਜ ਉੱਗ ਸਕਦਾ ਹੈ, ਪਰ ਨਫ਼ਰਤ ਦਾ ਬੀਜ ਕਦੇ ਨਹੀਂ ਉੱਗ ਸਕਦਾ ਕਿਉਂਕਿ ਸਾਡੀ ਏਕਤਾ ਬਹੁਤ ਮਜ਼ਬੂਤ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਫਿਰਕੂ ਸਦਭਾਵਨਾ ਦੀ ਮਿਸਾਲ ਕਾਇਮ ਕੀਤੀ ਹੈ, ਜਿੱਥੇ ਲੋਕ ਇੱਕ-ਦੂਜੇ ਦੇ ਧਾਰਮਿਕ ਅਤੇ ਸੱਭਿਆਚਾਰਕ ਸਮਾਗਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਂਦੇ ਹਨ। ਉਨ੍ਹਾਂ ਕਿਹਾ, ਪੰਜਾਬ ਵਿੱਚ ਰਾਮ ਨੌਮੀ, ਗੁਰਪੁਰਬ ਜਾਂ ਈਦ ਸਮੇਤ ਸਾਰੇ ਤਿਉਹਾਰ ਮਿਲ ਕੇ ਮਨਾਏ ਜਾਂਦੇ ਹਨ। ਇਸ ਕਾਰਨ ਇੱਥੇ ਫਿਰਕੂ ਸਦਭਾਵਨਾ, ਭਾਈਚਾਰਕ ਸਾਂਝ ਅਤੇ ਅਖੰਡਤਾ ਦਾ ਰਿਸ਼ਤਾ ਬਹੁਤ ਮਜ਼ਬੂਤ ਹੈ।



ਤੀਰਥ ਯਾਤਰਾ ਦੀ ਸੁਵਿਧਾ ਲਈ ਆਪਣੀ ਸਰਕਾਰ ਦੀਆਂ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਸ਼ੁਰੂ ਕੀਤੀ ਹੈ, ਜਿਸ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਹੋਰ ਪ੍ਰਮੁੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ। ਹੁਣ ਇਸ ਯੋਜਨਾ ਦਾ ਦਾਇਰਾ ਵਧਾ ਦਿੱਤਾ ਗਿਆ ਹੈ ਅਤੇ ਹਰਿਦੁਆਰ, ਰਿਸ਼ੀਕੇਸ਼, ਸਾਲਾਸਰ ਧਾਮ ਅਤੇ ਖਾਟੂ ਸ਼ਿਆਮ ਜੀ ਵਰਗੇ ਪਵਿੱਤਰ ਸ਼ਹਿਰਾਂ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਗਿਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਯੋਜਨਾ ਤਹਿਤ ਮੁਫ਼ਤ ਆਵਾਜਾਈ, ਰਹਿਣ-ਸਹਿਣ ਅਤੇ ਖਾਣ-ਪੀਣ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਲੋਕ ਯਾਤਰਾ ਦਾ ਵਿੱਤੀ ਬੋਝ ਚੁੱਕੇ ਬਿਨਾਂ ਪਵਿੱਤਰ ਧਾਰਮਿਕ ਅਸਥਾਨਾਂ 'ਤੇ ਨਤਮਸਤਕ ਹੋ ਸਕਦੇ ਹਨ।

'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪਹਿਲੀ ਜੁਲਾਈ ਤੋਂ ਸੂਬੇ ਦੀਆਂ ਔਰਤਾਂ ਦੇ ਖਾਤਿਆਂ ਵਿੱਚ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਪੈਸੇ ਆਉਣੇ ਸ਼ੁਰੂ ਹੋ ਗਏ ਹਨ। ਹਰ ਔਰਤ 1,000 ਰੁਪਏ ਪ੍ਰਤੀ ਮਹੀਨਾ ਦੀ ਹੱਕਦਾਰ ਹੈ, ਜਦੋਂ ਕਿ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਔਰਤਾਂ 1,500 ਰੁਪਏ ਪ੍ਰਤੀ ਮਹੀਨਾ ਦੀਆਂ ਹੱਕਦਾਰ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਲਗਪਗ 75 ਲੱਖ ਔਰਤਾਂ ਨੂੰ ਪਹਿਲਾਂ ਹੀ ਪੈਸੇ ਮਿਲਣੇ ਸ਼ੁਰੂ ਹੋ ਚੁੱਕੇ ਹਨ।

ਵਿਰੋਧੀ ਧਿਰਾਂ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ, ਜੇ ਵਿਰੋਧੀ ਸੱਤਾ ਵਿੱਚ ਆਉਂਦੇ ਹਨ ਤਾਂ ਉਹ 'ਆਪ' ਸਰਕਾਰ ਵੱਲੋਂ ਸ਼ੁਰੂ ਕੀਤੀਆਂ ਸਾਰੀਆਂ ਲੋਕ-ਪੱਖੀ ਪਹਿਲਕਦਮੀਆਂ ਨੂੰ ਬੰਦ ਕਰ ਦੇਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਨੇ ਹਮੇਸ਼ਾ ਜਨਤਕ ਭਲਾਈ ਨੂੰ ਪਹਿਲ ਦਿੱਤੀ ਹੈ, ਜਿਸ ਦੀ ਮਿਸਾਲ ਟੋਲ ਪਲਾਜ਼ਿਆਂ ਨੂੰ ਬੰਦ ਕਰਨਾ ਹੈ। ਉਨ੍ਹਾਂ ਕਿਹਾ, ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸਰਕਾਰ ਨੇ 19 ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ, ਜਿਸ ਨਾਲ ਆਮ ਲੋਕਾਂ ਦੀ ਰੋਜ਼ਾਨਾ ਲਗਪਗ 70 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ। ਪਾਰਦਰਸ਼ੀ ਢੰਗ ਨਾਲ ਨੌਜਵਾਨਾਂ ਨੂੰ 70,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ, 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ, ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮਿਲ ਰਹੀ ਹੈ ਅਤੇ ਲਗਪਗ 44,000 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ।

ਸਿਹਤ ਸੰਭਾਲ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਰਾਹੀਂ ਸਰਵਪੱਖੀ ਅਤੇ ਕਿਫ਼ਾਇਤੀ ਡਾਕਟਰੀ ਇਲਾਜ ਯਕੀਨੀ ਬਣਾਉਣ ਵੱਲ ਵੱਡਾ ਕਦਮ ਚੁੱਕਿਆ ਹੈ। ਉਨ੍ਹਾਂ ਅੱਗੇ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ, ਜੋ ਪੰਜਾਬ ਦੇ ਹਰ ਨਿਵਾਸੀ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਕੈਸ਼ਲੇਸ ਇਲਾਜ ਮੁਹੱਈਆ ਕਰਵਾਉਂਦੀ ਹੈ। ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਸਰਵਪੱਖੀ ਸਿਹਤ ਕਵਰੇਜ ਦੇਣ ਵਾਲਾ ਪਹਿਲਾ ਭਾਰਤੀ ਸੂਬਾ ਹੈ। ਇਸ ਇਤਿਹਾਸਕ ਕਦਮ ਦਾ ਮਕਸਦ ਸੂਬੇ ਦੇ ਸਾਰੇ ਪਰਿਵਾਰਾਂ ਨੂੰ ਸਿਹਤ ਸੰਭਾਲ ਸਹੂਲਤ ਮੁਹੱਈਆ ਕਰਨਾ ਹੈ ਅਤੇ ਲੱਖਾਂ ਲੋਕ ਇਸ ਯੋਜਨਾ ਤਹਿਤ ਮੁਫ਼ਤ ਇਲਾਜ ਦਾ ਲਾਭ ਉਠਾ ਚੁੱਕੇ ਹਨ।

# 12 ਸਤੰਬਰ ਨੂੰ ਪਟਿਆਲਾ, ਰਾਜਪੁਰਾ, ਸਮਾਣਾ ਤੇ ਨਾਭਾ ਵਿਖੇ ਲੱਗੇਗੀ ਨੈਸ਼ਨਲ ਲੋਕ ਅਦਾਲਤ

**ਪਟਿਆਲਾ, 1 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ, ਨਵੀਂ ਦਿੱਲੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੋਹਾਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸ਼੍ਰੀ ਅਵਤਾਰ ਸਿੰਘ ਜ਼ਿਲ੍ਹਾ ਅਤੇ ਸੈਸ਼ਨ ਜੱਜ- ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੀ ਯੋਗ ਅਗਵਾਈ ਹੇਠ ਚੈੱਕ ਬਾਊਂਸ ਕੇਸਾਂ, ਪੈਸੇ ਦੀ ਵਸੂਲੀ ਦੇ ਕੇਸ, ਲੇਬਰ ਅਤੇ ਰੁਜ਼ਗਾਰ ਝਗੜਿਆਂ ਦੇ ਕੇਸ, ਬਿਜਲੀ, ਪਾਣੀ ਦੇ ਬਿੱਲਾਂ ਅਤੇ ਹੋਰ ਬਿੱਲਾਂ ਦੇ ਭੁਗਤਾਨ ਦੇ ਕੇਸ, ਰੱਖ-ਰਖਾਅ ਦੇ ਕੇਸ, ਫੌਜਦਾਰੀ ਕੰਪਾਊਂਡੇਬਲ ਕੇਸ, ਹੋਰ ਦੀਵਾਨੀ ਝਗੜੇ ਅਤੇ ਟ੍ਰਿਬਿਊਨਲ ਵਿੱਚ ਲੰਬਿਤ ਕੇਸ, ਚੈੱਕ ਬਾਊਂਸ ਕੇਸ, ਮਨੀ ਰਿਕਵਰੀ ਕੇਸ, ਐਮ.ਏ.ਸੀ.ਟੀ ਕੇਸ, ਲੇਬਰ ਅਤੇ ਰੁਜ਼ਗਾਰ ਝਗੜੇ ਦੇ ਕੇਸ, ਬਿਜਲੀ, ਪਾਣੀ ਦੇ ਬਿੱਲ ਅਤੇ ਹੋਰ ਬਿੱਲ ਭੁਗਤਾਨ ਕੇਸ, ਵਿਆਹੁਤਾ ਝਗੜੇ (ਤਲਾਕ ਨੂੰ ਛੱਡ ਕੇ), ਜ਼ਮੀਨ ਗ੍ਰਹਿਣ ਮਾਮਲੇ ( ਸਿਵਲ ਅਦਾਲਤਾਂ/ ਟ੍ਰਿਬਿਊਨਲਾਂ ਅੱਗੇ ਲੰਬਿਤ), ਤਨਖ਼ਾਹ ਅਤੇ ਭੱਤਿਆਂ ਅਤੇ ਸੇਵਾਮੁਕਤੀ ਲਾਭਾਂ, ਮਾਲ ਕੇਸਾਂ ਆਦਿ ਨਾਲ ਸਬੰਧਤ ਕੇਸਾਂ ਲਈ ਨੈਸਨਲ ਲੋਕ ਅਦਾਲਤ ਦਾ ਆਯੋਜਨ ਮਿਤੀ 12.9.2026 ਨੂੰ ਜ਼ਿਲ੍ਹਾ ਪਟਿਆਲਾ ਵਿੱਚ ਕੀਤਾ ਜਾਵੇਗਾ।

# ਵਾਤਾਵਰਨ ਦੀ ਸੰਭਾਲ ਲਈ ਗੌਰਮਿੰਟ ਸਟੇਟ ਕਾਲਜ ਆਫ਼ ਐਜੂਕੇਸ਼ਨ ਵਿਖੇ ਪੌਦੇ ਲਗਾਏ ਗਏ



**ਪਟਿਆਲਾ, 1 ਸਤੰਬਰ**
**-ਜੀ. ਐਸ. ਤੁੰਗ-**

ਗੌਰਮਿੰਟ ਸਟੇਟ ਕਾਲਜ ਆਫ਼ ਐਜੂਕੇਸ਼ਨ, ਪਟਿਆਲਾ ਦੇ ਐਨ.ਐਸ.ਐਸ. ਵਿਭਾਗ ਵੱਲੋਂ ਪ੍ਰਿੰਸੀਪਲ ਪ੍ਰੋ. (ਡਾ.) ਵਨੀਤਾ ਰਾਣੀ ਦੀ ਯੋਗ ਅਗਵਾਈ ਹੇਠ ਐਨ.ਐਸ.ਐਸ. ਵਿਭਾਗ, ਪੰਜਾਬੀ ਯੂਨੀਵਰਸਿਟੀ ਪਟਿਆਲਾ, ਰਾਊਂਡ ਗਲਾਸ ਫਾਊਂਡੇਸ਼ਨ ਅਤੇ ਰਿਆਸਤ ਕੇਅਰ ਫਾਊਂਡੇਸ਼ਨ ਦੇ ਸਹਿਯੋਗ ਨਾਲ ਵਾਤਾਵਰਨ ਦੀ ਸੁਰੱਖਿਆ ਅਤੇ ਵਿਦਿਆਰਥੀਆਂ ਵਿੱਚ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੇ ਉਦੇਸ਼ ਨਾਲ ਕਾਲਜ ਕੈਂਪਸ ਵਿਖੇ ਪੌਦੇ ਲਗਾਉਣ ਦੀ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੌਰਾਨ ਐਨ.ਐਸ.ਐਸ. ਵਲੰਟੀਅਰਾਂ ਅਤੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਕਿਸਮਾਂ ਦੇ ਫਲਦਾਰ ਅਤੇ ਸਜਾਵਟੀ ਪੌਦੇ ਲਗਾਏ ਗਏ। ਵਿਦਿਆਰਥੀਆਂ ਨੇ ਪੌਦਿਆਂ ਦੀ ਸੰਭਾਲ ਅਤੇ ਉਨ੍ਹਾਂ ਨੂੰ ਨਿਯਮਤ ਤੌਰ 'ਤੇ ਪਾਣੀ ਦੇਣ ਦੀ ਜ਼ਿੰਮੇਵਾਰੀ ਨਿਭਾਉਣ ਦਾ ਸੰਕਲਪ ਵੀ ਲਿਆ।

ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰੋ. (ਡਾ.) ਵਨੀਤਾ ਰਾਣੀ ਨੇ ਕਿਹਾ ਕਿ ਉਰੁੱਖ ਧਰਤੀ ਦਾ ਅਨਮੋਲ ਸਰਮਾਇਆ ਹਨ, ਵਾਤਾਵਰਨ ਦੇ ਵਿਗੜਦੇ ਸੰਤੁਲਨ ਅਤੇ ਵਧ ਰਹੇ ਪ੍ਰਦੂਸ਼ਣ ਨੂੰ ਰੋਕਣ ਲਈ ਵੱਧ ਤੋਂ ਵੱਧ ਰੁੱਖ ਲਗਾਉਣਾ ਅਤੇ ਉਨ੍ਹਾਂ ਦੀ ਸੰਭਾਲ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਆਲੇ-ਦੁਆਲੇ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਸਮਾਜ ਵਿੱਚ ਵਾਤਾਵਰਨ ਸੰਭਾਲ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਪ੍ਰੇਰਿਤ ਕੀਤਾ।

ਐਨ.ਐਸ.ਐਸ. ਵਿਭਾਗ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੋਆਰਡੀਨੇਟਰ ਡਾ. ਅਨਹਦ ਗਿੱਲ ਨੇ ਕਿਹਾ ਕਿ ਐਨ.ਐਸ.ਐਸ. ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਮਾਜ ਸੇਵਾ, ਵਾਤਾਵਰਨ ਪ੍ਰਤੀ ਸੰਵੇਦਨਸ਼ੀਲਤਾ ਅਤੇ ਜ਼ਿੰਮੇਵਾਰ ਨਾਗਰਿਕਤਾ ਦੀ ਭਾਵਨਾ ਵਿਕਸਿਤ ਕਰਨਾ ਹੈ। ਰਾਊਂਡ ਗਲਾਸ ਫਾਊਂਡੇਸ਼ਨ ਤੋਂ ਸ੍ਰੀ. ਭਰਪੂਰ ਸਿੰਘ ਨੇ ਕਿਹਾ ਕਿ ਪੌਦੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਕਰਨਾ ਵੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

ਇਸ ਮੌਕੇ ਕਾਲਜ ਦੇ ਐਨ.ਐਸ.ਐਸ. ਵਿਭਾਗ ਦੇ ਪ੍ਰੋਗਰਾਮ ਅਫ਼ਸਰ ਸਹਾਇਕ ਪ੍ਰੋਫ਼ੈਸਰ ਜਗਦੇਵ ਸਿੰਘ, ਸਹਾਇਕ ਪ੍ਰੋਫ਼ੈਸਰ ਮੂਰਤੀ ਕੌਰ, ਸਮੂਹ ਸਟਾਫ਼ ਮੈਂਬਰ , ਐਨ.ਐਸ.ਐਸ. ਵਲੰਟੀਅਰ ਤੇ ਵਿਦਿਆਰਥੀਆਂ ਹਾਜ਼ਰ ਰਹੇ। ਸਮਾਗਮ ਦੇ ਅੰਤ ਵਿੱਚ ਸਾਰਿਆਂ ਨੇ ਉਹਰਿਆਵਲ ਵਧਾਈਏ, ਵਾਤਾਵਰਨ ਬਚਾਈਏ ਦਾ ਸੰਦੇਸ਼ ਦਿੰਦਿਆਂ ਕੁਦਰਤ ਦੀ ਸੰਭਾਲ ਲਈ ਆਪਣਾ ਯੋਗਦਾਨ ਪਾਉਣ ਦਾ ਪ੍ਰਣ ਲਿਆ।

# ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਬਾਹਰ ਕੱਢਣ ਲਈ ਉਹਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸਮੇਂ ਦੀ ਮੁੱਖ ਲੋੜ: ਐਸ ਆਈ ਜਸਪਾਲ ਸਿੰਘ

**ਪਟਿਆਲਾ, 1 ਸਤੰਬਰ**
**-ਅਰਸ਼ਦੀਪ ਸਿੰਘ-**

ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਪਟਿਆਲਾ ਅਤੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਦੇ ਸਹਿਯੋਗ ਨਾਲ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਅੱਜ ਸੰਤ ਕ੍ਰਿਪਾਲ ਰੈਜੀਮੈਂਟ ਪਬਲਿਕ ਐਕਡਮੀ ਕਲੱਰਭੈਣੀ ਵਿਖੇ ਨਸ਼ਿਆਂ ਵਿਰੁੱਧ ਇੱਕ ਵਿਸ਼ਾਲ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਇਸ ਜਾਗਰੂਕਤਾ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ ਅਤੇ ਮੈਂਬਰ ਵੂਮੈਨ ਕੌਂਸਲਿੰਗ ਸੈੱਲ ਪਟਿਆਲਾ ਪੁਲਿਸ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਬੀਬੀ ਸੋਹਨਜੀਤ ਕੌਰ ਮੁੱਖੀ ਮਾਤਾ ਗੁਜਰੀ ਸਹਾਰਾ ਟਰੱਸਟ ਕਲੱਰਭੈਣੀ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ।

ਇਸ ਮੌਕੇ ਪ੍ਰਿੰਸੀਪਲ ਭੁਪਿੰਦਰ ਸਿੰਘ ਨੇ ਸਾਰੇ ਆਏਂ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਰਾਸ਼ਟਰਪਤੀ ਪੁਲਿਸ ਮੈਡਲ ਐਵਾਰਡੀ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਸੀਨੀਅਰ ਕਾਂਸਟੇਬਲ ਪ੍ਰਨੀਤ ਕੌਰ, ਕਾਂਸਟੇਬਲ ਗੁਰਪ੍ਰੀਤ ਸਿੰਘ,ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਗੁਰਸਾਹਿਬ ਸਿੰਘ, ਗੁਰਕੀਰਤ ਸਿੰਘ, ਗੁਰਮਨਜੋਤ ਕੋਰ, ਗਗਨਪ੍ਰੀਤ ਕੋਰ, ਖੁਸ਼ਪ੍ਰੀਤ ਕੋਰ, ਭਿੰਦਰ ਜਲਵੇੜਾ, ਜਸ਼ਨਪ੍ਰੀਤ ਕੌਰ, ਸਿਮਰਨਜੀਤ ਕੌਰ, ਮਨਤ ਰਾਣੀ, ਰਾਜਵਿੰਦਰ ਕੌਰ ਨੇ ਸ਼ਿਰਕਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਪਰਮਿੰਦਰ ਭਲਵਾਨ ਅਤੇ ਐਸ ਆਈ ਜਸਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਪੰਜਾਬ ਦੀ ਜਵਾਨੀ ਨਸ਼ਿਆਂ ਦੀ ਦਲਦਲ ਵਿੱਚ ਫਸਦੀ ਜਾ ਰਹੀ ਹੈ, ਜਿਸ ਨੂੰ ਬਚਾਉਣ ਲਈ ਸਾਰਿਆਂ ਨੂੰ ਇੱਕਜੁੱਟ ਹੋਣਾ ਪਵੇਗਾ।

ਉਨ੍ਹਾਂ ਕਿਹਾ ਕਿ ਨਸ਼ਾ ਸਿਰਫ ਇੱਕ ਵਿਅਕਤੀ ਨੂੰ ਹੀ ਨਹੀਂ ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਤਬਾਹ ਕਰ ਦਿੰਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ, ਸਿੱਖਿਆ ਅਤੇ ਸਮਾਜ ਸੇਵਾ ਨਾਲ ਜੁੜਨ ਅਤੇ ਨਸ਼ਿਆਂ ਤੋਂ ਦੂਰ ਰਹਿਣ। ਉਨ੍ਹਾਂ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਦੀਆਂ ਗਤੀਵਿਧੀਆਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਗਿਆ ਕਿ ਜ਼ਿਲ੍ਹਾ ਸਾਂਝ ਕੇਂਦਰ ਅਤੇ ਪਟਿਆਲਾ ਪੁਲਿਸ ਵੱਲੋਂ ਨਸ਼ਾ ਪੀੜਤਾਂ ਦੀ ਕੌਂਸਲਿੰਗ ਅਤੇ ਮੁੜ ਵਸੇਬੇ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਉਹਨਾਂ ਨੇ ਕਿਹਾ ਕਿ ਮਾਵਾਂ ਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਬੱਚਿਆਂ ਦੀ ਸੰਗਤ 'ਤੇ ਨਜ਼ਰ ਰੱਖਣ। ਜੇਕਰ ਬੱਚਾ ਇਕੱਲਾ ਰਹਿਣ ਲੱਗ ਜਾਵੇ, ਪੜ੍ਹਾਈ ਤੋਂ ਦੂਰ ਹੋ ਜਾਵੇ ਤਾਂ ਉਸ ਨਾਲ ਪਿਆਰ ਨਾਲ ਗੱਲ ਕਰਕੇ ਉਸਨੂੰ ਸਹੀ ਰਸਤੇ 'ਤੇ ਲਿਆਂਦਾ ਜਾ ਸਕਦਾ ਹੈ। ਇਸ ਮੌਕੇ ਭਾਰਤ ਸਰਕਾਰ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨੌਜਵਾਨਾਂ ਨੂੰ

ਨਸ਼ਾ ਛੱਡਣ ਲਈ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਮੁਕਤੀ ਕੇਂਦਰਾਂ ਅਤੇ ਹੈਲਪਲਾਈਨ ਨੰਬਰ 14446 ਬਾਰੇ ਜਾਣਕਾਰੀ ਦਿੱਤੀ ਗਈ।

# ਅਸੀਂ ਹਿੰਦੂਆਂ ਲਈ ਇਨਸਾਫ਼ ਲਈ ਅੰਤ ਤੱਕ ਲੜਾਂਗੇ : ਪਵਨ ਗੁਪਤਾ

**➢ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਤੋਂ ਹਜ਼ਾਰਾਂ ਵਰਕਰ ਪਹੁੰਚੇ ➢ 781 ਕਰੋੜ ਦੇ ਮੁਆਵਜ਼ੇ ਦੀ ਮੰਗ ➢ ਅੱਤਵਾਦ ਤੋਂ ਪ੍ਰਭਾਵਿਤ ਹਿੰਦੂ ਪਰਿਵਾਰਾਂ ਲਈ ਇਨਸਾਫ਼ ਦੀ ਮੰਗ ➢ 11 ਸੂਤਰੀ ਮੰਗਾਂ ਸਬੰਧੀ ਸਰਕਾਰ ਨੂੰ ਮੰਗ ਪੱਤਰ ਸੌਂਪਿਆ ਗਿਆ ➢ ਚੰਡੀਗੜ੍ਹ ਪੁਲਿਸ ਨੇ ਮੋਹਾਲੀ-ਚੰਡੀਗੜ੍ਹ ਸਰਹੱਦ 'ਤੇ ਮਾਰਚ ਨੂੰ ਰੋਕਿਆ**

**ਮੁਹਾਲੀ, 1 ਸਤੰਬਰ**
**-ਛਤਰਪਾਲ ਸਿੰਘ-**

ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਅਤੇ ਸ਼ੇਰ-ਏ-ਹਿੰਦ ਪਵਨ ਗੁਪਤਾ ਦੀ ਅਗਵਾਈ ਹੇਠ ਐਤਵਾਰ ਨੂੰ ਮੋਹਾਲੀ ਤੋਂ ਇੱਕ ਵਿਸ਼ਾਲ ਪੰਜਾਬ ਵਿਆਪੀ ਤ੍ਰਿਸ਼ੂਲ ਮਾਰਚ ਕੱਢਿਆ ਗਿਆ। ਮਾਰਚ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਨਾਲ-ਨਾਲ ਹਰਿਆਣਾ ਅਤੇ ਚੰਡੀਗੜ੍ਹ ਤੋਂ ਹਜ਼ਾਰਾਂ ਵਰਕਰਾਂ, ਹਿੰਦੂ ਸੰਗਠਨਾਂ ਦੇ ਪ੍ਰਤੀਨਿਧੀਆਂ ਅਤੇ ਸ਼ਿਵ ਸੈਨਾ ਹਿੰਦੁਸਤਾਨ ਦੇ ਅਧਿਕਾਰੀਆਂ ਨੇ ਹਿੱਸਾ ਲਿਆ। ਮਾਰਚ ਦਾ ਮੁੱਖ ਉਦੇਸ਼ ਸੰਗਠਨ ਦੀਆਂ 11-ਨੁਕਾਤੀ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣਾ ਸੀ, ਜਿਸ ਵਿੱਚ ਪੰਜਾਬ ਅੱਤਵਾਦ ਤੋਂ ਪ੍ਰਭਾਵਿਤ ਹਿੰਦੂ ਪਰਿਵਾਰਾਂ ਲਈ ਇਨਸਾਫ਼ ਯਕੀਨੀ ਬਣਾਉਣਾ ਅਤੇ ਸਰਕਾਰ ਦੁਆਰਾ ਪ੍ਰਵਾਨਿਤ 781 ਕਰੋੜ ਰੁਪਏ ਦੇ ਮੁਆਵਜ਼ੇ ਨੂੰ ਪ੍ਰਭਾਵਿਤ ਪਰਿਵਾਰਾਂ ਤੱਕ ਪਹੁੰਚਾਉਣਾ ਸ਼ਾਮਲ ਹੈ।

ਸ਼ਿਵ ਸੈਨਾ ਹਿੰਦੁਸਤਾਨ ਨੇ ਮੋਹਾਲੀ ਤੋਂ ਮੁੱਖ ਮੰਤਰੀ ਦੀ ਚੰਡੀਗੜ੍ਹ ਰਿਹਾਇਸ਼ ਤੱਕ ਸ਼ਾਂਤੀਪੂਰਨ ਤ੍ਰਿਸ਼ੂਲ ਮਾਰਚ ਦਾ ਸੱਦਾ ਦਿੱਤਾ ਸੀ। ਮੋਹਾਲੀ ਤੋਂ ਕਾਰਕੁਨਾਂ ਦਾ ਇੱਕ ਵੱਡਾ ਕਾਫਲਾ ਚੰਡੀਗੜ੍ਹ ਵੱਲ ਮਾਰਚ ਕੀਤਾ। ਮੋਹਾਲੀ ਪੁਲਿਸ ਨੇ ਕਾਫਲੇ ਨੂੰ ਅੱਗੇ ਵਧਣ ਦਿੱਤਾ, ਪਰ ਮੋਹਾਲੀ-ਚੰਡੀਗੜ੍ਹ ਸਰਹੱਦ 'ਤੇ,



ਚੰਡੀਗੜ੍ਹ ਪੁਲਿਸ ਨੇ ਭਾਰੀ ਪੁਲਿਸ ਫੋਰਸ ਤਾਇਨਾਤ ਕਰਕੇ ਅਤੇ ਬੈਰੀਕੇਡਿੰਗ ਕਰਕੇ ਮਾਰਚ ਨੂੰ ਰੋਕ ਦਿੱਤਾ। ਇਸ ਤੋਂ ਬਾਅਦ, ਸੰਗਠਨ ਦੇ ਦਰਜਨਾਂ ਸੀਨੀਅਰ ਆਗੂਆਂ ਨੂੰ ਬੱਸਾਂ ਰਾਹੀਂ ਮੁੱਖ ਮੰਤਰੀ ਰਿਹਾਇਸ਼ ਵੱਲ ਲਿਜਾਇਆ ਗਿਆ, ਜਿੱਥੇ ਵਫ਼ਦ ਨੇ ਸਰਕਾਰ ਨੂੰ 11-ਨੁਕਾਤੀ ਮੰਗਾਂ ਦਾ ਮੰਗ ਪੱਤਰ ਸੌਂਪਿਆ। ਵਫ਼ਦ ਨੂੰ ਭਰੋਸਾ ਦਿੱਤਾ ਗਿਆ ਕਿ ਸਰਕਾਰ ਮੰਗਾਂ 'ਤੇ ਵਿਚਾਰ ਕਰੇਗੀ ਅਤੇ ਜਲਦੀ ਹੀ ਫੈਸਲਾ ਲਵੇਗੀ। ਪਵਨ ਗੁਪਤਾ ਨੇ ਕਿਹਾ, ਜੇਕਰ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਤਾਂ ਸੰਘਰਸ਼ ਤੇਜ਼ ਹੋ ਜਾਵੇਗਾ। ਮੁੱਖ ਮੰਤਰੀ ਘਰ ਤੋਂ ਵਾਪਸ ਆਉਣ ਤੋਂ ਬਾਅਦ ਇੱਕ ਪ੍ਰੈਸ ਕਾਨਫਰੰਸ ਵਿੱਚ ਮੀਡੀਆ ਦੇ ਸਵਾਲਾਂ ਦੇ ਜਵਾਬ ਵਿੱਚ ਪਵਨ ਗੁਪਤਾ ਨੇ ਕਿਹਾ ਕਿ ਸ਼ਿਵ ਸੈਨਾ ਹਿੰਦੁਸਤਾਨ ਦਾ ਤ੍ਰਿਸ਼ੂਲ ਮਾਰਚ ਪੂਰੀ ਤਰ੍ਹਾਂ ਸ਼ਾਂਤੀਪੂਰਨ ਸੀ ਅਤੇ ਸੰਗਠਨ ਦਾ ਉਦੇਸ਼ ਆਪਣੀਆਂ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣਾ ਸੀ।

ਉਨ੍ਹਾਂ ਕਿਹਾ ਕਿ ਕਾਰਕੁਨ ਤ੍ਰਿਸ਼ੂਲ ਲੈ ਕੇ ਮੁੱਖ ਮੰਤਰੀ ਘਰ ਪਹੁੰਚੇ ਅਤੇ ਸਰਕਾਰ ਨੂੰ 11-ਨੁਕਾਤੀ ਮੰਗਾਂ ਦਾ ਮੰਗ ਪੱਤਰ ਸੌਂਪਿਆ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਮੰਗਾਂ 'ਤੇ ਜਲਦੀ ਫੈਸਲਾ ਲੈਣ ਦਾ ਭਰੋਸਾ ਦਿੱਤਾ ਹੈ।

ਪਵਨ ਗੁਪਤਾ ਨੇ ਕਿਹਾ ਕਿ ਜੇਕਰ ਸਰਕਾਰ ਉਨ੍ਹਾਂ ਦੀਆਂ ਮੰਗਾਂ 'ਤੇ ਗੰਭੀਰਤਾ ਨਾਲ ਕਾਰਵਾਈ ਨਹੀਂ ਕਰਦੀ ਹੈ, ਤਾਂ ਆਉਣ ਵਾਲੇ ਦਿਨਾਂ ਵਿੱਚ ਅੰਦੋਲਨ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਿਵ ਸੈਨਾ ਹਿੰਦੁਸਤਾਨ ਹਿੰਦੂਆਂ ਦੀ ਭਲਾਈ ਅਤੇ ਅੱਤਵਾਦ ਪੀੜਤਾਂ ਦੇ ਪਰਿਵਾਰਾਂ ਲਈ ਇਨਸਾਫ਼ ਲਈ ਆਪਣੀ ਪੂਰੀ ਤਾਕਤ ਨਾਲ ਲੜਦੀ ਰਹੇਗੀ।

ਸਵੇਰੇ ਪੰਡਾਲ ਮੁਕਾਬਲਤਨ ਘੱਟ ਸੀ, ਪਰ ਦੁਪਹਿਰ 12 ਵਜੇ ਤੱਕ, ਵੱਡੀ ਗਿਣਤੀ ਵਿੱਚ ਵਰਕਰਾਂ ਦੇ ਆਉਣ ਨਾਲ ਪੰਡਾਲ ਪੂਰੀ ਤਰ੍ਹਾਂ ਭਰ ਗਿਆ। ਸਥਿਤੀ ਅਜਿਹੀ ਸੀ ਕਿ ਪੰਡਾਲ ਦੇ ਅੰਦਰ ਬੈਠਣ ਲਈ ਜਗ੍ਹਾ ਨਹੀਂ ਬਚੀ ਸੀ, ਅਤੇ ਵੱਡੀ ਗਿਣਤੀ ਵਿੱਚ ਲੋਕ ਬਾਹਰ ਖੜ੍ਹੇ ਦਿਖਾਈ ਦੇ ਰਹੇ ਸਨ। ਔਰਤਾਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ।

ਔਰਤਾਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ। ਪੁਰਸ਼ ਵਰਕਰਾਂ ਦੇ ਨਾਲ-ਨਾਲ, ਸੰਗਠਨ ਦੀਆਂ ਮੰਗਾਂ ਦੇ ਸਮਰਥਨ ਵਿੱਚ ਵੱਖ-ਵੱਖ ਖੇਤਰਾਂ ਦੀਆਂ ਮਹਿਲਾ ਵਰਕਰਾਂ ਨੇ ਮਾਰਚ ਵਿੱਚ ਹਿੱਸਾ ਲਿਆ।

ਮੀਡੀਆ ਦੇ ਸਵਾਲਾਂ ਦੇ ਜਵਾਬ ਦਿੰਦੇ ਏ, ਪਵਨ ਗੁਪਤਾ ਨੇ ਭਾਜਪਾ ਅਤੇ ਕਾਂਗਰਸ 'ਤੇ ਵੀ ਨਿਸ਼ਾਨਾ ਸਾਧਿਆ। ਉਨ੍ਹਾਂ ਨੇ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਵਿੱਚ ਅੱਤਵਾਦ ਤੋਂ ਪ੍ਰਭਾਵਿਤ ਹਿੰਦੂ ਪਰਿਵਾਰਾਂ ਦੇ ਮੁੱਦੇ 'ਤੇ ਰਾਜਨੀਤੀ ਤੋਂ ਪਰੇ ਦੇਖਣ ਅਤੇ ਪਰਿਵਾਰਾਂ ਨੂੰ ਉਨ੍ਹਾਂ ਦੇ ਹੱਕ ਮਿਲਣ ਨੂੰ ਯਕੀਨੀ ਬਣਾਉਣ ਲਈ ਠੋਸ ਕਦਮ ਚੁੱਕਣ। ਵਨ ਗੁਪਤਾ ਨੇ ਸ਼ਿਵ ਸੈਨਾ ਹਿੰਦੁਸਤਾਨ ਜ਼ਿਲ੍ਹਾ ਮੋਹਾਲੀ ਇਕਾਈ ਦੇ ਅਹੁਦੇਦਾਰਾਂ ਅਤੇ ਵਰਕਰਾਂ ਦੀ ਇਸ ਵਿਸ਼ਾਲ ਸਮਾਗਮ ਨੂੰ ਸਫਲ ਬਣਾਉਣ ਲਈ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਲੋਕਾਂ ਦੀ ਭੀੜ ਸੰਗਠਨ ਦੀ ਏਕਤਾ ਅਤੇ ਸਰਗਰਮੀ ਨੂੰ ਦਰਸਾਉਂਦੀ ਹੈ। ਪ੍ਰੋਗਰਾਮ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਜਨਰਲ ਸਕੱਤਰ ਕ੍ਰਿਸ਼ਨਾ ਸ਼ਰਮਾ, ਪੰਜਾਬ ਕਾਰਜਕਾਰੀ ਪ੍ਰਧਾਨ ਸੰਜੀਵ ਡੇਮ, ਜੂਨਾ ਅਖਾੜਾ ਤੋਂ ਬ੍ਰਹਮਾਨੰਦ ਗਿਰੀ ਜੀ, ਹਿੰਦੂ ਤਖ਼ਤ ਦੇ ਅਸ਼ੋਕ ਤਿਵਾੜੀ, ਹਿੰਦੂ ਤਖ਼ਤ ਦੇ ਰਾਸ਼ਟਰੀ ਪ੍ਰਧਾਨ ਮਹਾਮੰਡਲੇਸ਼ਵਰ ਵਿਸ਼ਵਾਮਿੱਤਰ ਨੰਦ ਜੀ ਮਹਾਰਾਜ, ਸ਼੍ਰੀਮਤੀ ਸੁਮਨ ਗੁਪਤਾ, ਪੰਜਾਬ ਪ੍ਰਧਾਨ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਬੀ.ਐਨ. ਗਿਰੀ, ਜ਼ਿਲ੍ਹਾ ਇੰਚਾਰਜ ਅਖਿਲੇਸ਼ ਸਿੰਘ ਰਾਹੁਲ ਖੰਨਾ, ਯੁਵਾ ਸੈਨਾ ਦੇ ਪੰਜਾਬ ਪ੍ਰਧਾਨ ਨਰਿੰਦਰ ਭਾਰਦਵਾਜ, ਮਜ਼ਦੂਰ ਸੈਨਾ ਦੇ ਰਾਸ਼ਟਰੀ ਪ੍ਰਧਾਨ ਮਨਦੀਪ ਸ਼ਰਮਾ, ਹਿੰਦੁਸਤਾਨ ਮਹਿਲਾ ਸੈਨਾ ਦੇ ਪੰਜਾਬ ਪ੍ਰਧਾਨ ਰਾਜਾ ਵਾਲੀਆ, ਸੰਗਠਨ ਮੰਤਰੀ ਪੰਜਾਬ ਮਨੀ ਸ਼ੇਰਾ ਸ਼ਿਆਮਾਕਾਂਤ ਪਾਂਡੇ, ਉਪ ਪ੍ਰਧਾਨ ਪੰਜਾਬ ਕੇ.ਕੇ. ਗਾਬਾ, ਹਿੰਦੁਸਤਾਨ ਵਪਾਰ ਸੈਨਾ ਪੰਜਾਬ ਦੇ ਪ੍ਰਧਾਨ ਪੱਪੀ ਮਹਾਜਨ, ਟਰਾਂਸਪੋਰਟ ਸੈਨਾ ਦੇ ਜ਼ਿਲ੍ਹਾ ਪ੍ਰਧਾਨ ਜਾਗੀਰ ਮੋੜ ਹਰਿਆਣਾ ਦੇ ਸੂਬਾ ਪ੍ਰਧਾਨ ਹੇਮਰਾਜ ਗੋਇਲ, ਰਾਸ਼ਟਰੀ ਸਲਾਹਕਾਰ ਅਮਰਜੀਤ ਬੰਟੀ, ਹਿੰਦੁਸਤਾਨ ਯੁਵਾ ਸੈਨਾ ਪੰਜਾਬ ਦੇ ਚੇਅਰਮੈਨ ਰਜਿੰਦਰ ਰਾਣਾ, ਉਪ ਪ੍ਰਧਾਨ ਪੰਜਾਬ ਅਜੇ ਚੌਹਾਨ, ਸੂਬਾ ਪ੍ਰਧਾਨ ਚੰਡੀਗੜ੍ਹ ਅਮਿਤ ਅਟਵਾਲ ਰਾਜਕੁਮਾਰ ਰਿੱਕੂ ਭਾਰਦਵਾਜ, ਹਿੰਦੁਸਤਾਨ ਆਈਟੀ ਸੈਨਾ ਪੰਜਾਬ ਦੇ ਪ੍ਰਧਾਨ ਦੀਪਕ ਕੁਮਾਰ, ਅੰਮ੍ਰਿਤਸਰ ਦੇ ਉਪ ਪ੍ਰਧਾਨ ਪੰਜਾਬ ਰੋਹਿਤ ਅਬਰੋਲ ਰਜਿੰਦਰ ਰਾਣਾ, ਉਪ ਪ੍ਰਧਾਨ ਪੰਜਾਬ, ਅਤੇ ਵੱਡੀ ਗਿਣਤੀ ਵਿੱਚ ਹੋਰ ਅਧਿਕਾਰੀ ਅਤੇ ਵਰਕਰ ਮੌਜੂਦ ਸਨ।

# ਆਰੀਆ ਸੀਨੀਅਰ ਸੈਕੰਡਰੀ ਸਕੂਲ ਨਾਭਾ ਵਿਖੇ ਦੇਸ਼ ਦੇ ਅਵਤਾਰਾਂ ਅਤੇ ਮਹਾਨ ਯੋਧਿਆਂ ਬਾਰੇ ਕਰਵਾਇਆ ਗਿਆ ਸੈਮੀਨਾਰ



**ਨਾਭਾ, 1 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਰੀਆ ਸੀਨੀਅਰ ਸੈਕੰਡਰੀ ਸਕੂਲ ਨਾਭਾ ਵਿਖੇ ਦੇਸ਼ ਦੇ ਅਵਤਾਰਾਂ ਅਤੇ ਮਹਾਨ ਯੋਧਿਆਂ ਜਿਸ ਵਿੱਚ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ, ਸ਼੍ਰੀ ਕ੍ਰਿਸ਼ਨ ਭਗਵਾਨ, ਡਾਕਟਰ ਏ.ਪੀ.ਜੀ.ਅਬਦੁਲ ਕਲਾਮ ਸਾਬਕਾ ਰਾਸ਼ਟਰਪਤੀ, ਨੇਤਾ ਸੁਭਾਸ਼ ਚੰਦਰ ਬੋਸ ਆਦਿ ਬਾਰੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਮਦਾਨ ਨੇ ਦੱਸਿਆ ਕਿ ਜ਼ਿਲ੍ਹਾ ਰੈਡ ਕਾਂਗਰਸ ਸੁਸਾਇਟੀ ਕਾਕਾ ਰਾਮ ਵਰਮਾ ਚੀਫ ਟਰੇਨਰ ਫਸਟ ਏਡ ਅਤੇ ਸੁਭਾਸ਼ ਬਾਂਸਲ ਰਿਟਾਇਰਡ ਬੈਂਕ ਮੈਨੇਜਰ ਦੀ ਸਰਪ੍ਰਸਤੀ ਹੇਠ ਇਹ ਸੈਮੀਨਾਰ ਕਰਵਾਇਆ ਗਿਆ ਹੈ। ਜਿਸ ਵਿੱਚ ਸਕੂਲ ਸਟਾਫ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਇਸ ਮੌਕੇ ਸੇਵਾ ਮੁਕਤ ਐਸ ਪੀ ਰਾਸ਼ਟਰਪਤੀ ਐਵਾਰਡੀ ਚੰਦ ਸਿੰਘ ਨੇ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਸੈਮੀਨਾਰ ਵਿੱਚ 22 ਸਕੂਲੀ ਬੱਚਿਆਂ ਨੇ ਭਾਗ ਲਿਆ। ਉਂਨ੍ਹਾਂ ਨੇ ਭਾਰਤ ਦੇ ਅਵਤਾਰਾਂ ਅਤੇ ਕ੍ਰਾਂਤੀਕਾਰੀ ਭਗਤਾਂ, ਉਨ੍ਹਾਂ ਦੀ ਕਵਿਤਾ ਅਤੇ ਜੀਵਨ ਸ਼ੈਲੀ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਮੁੱਖ ਮਹਿਮਾਨ ਚੰਦ ਸਿੰਘ ਨੇ ਅੱਜ ਦੇ ਸਮੇਂ ਦੀਆਂ ਬੁਰਾਈਆਂ ਜਿਵੇਂ ਨਸ਼ਾ ਅਤੇ ਮਾੜੀ ਸੰਗਤ ਬਾਰੇ ਵਿਸਥਾਰ ਸਹਿਤ ਵਿਚਾਰ ਪ੍ਰਗਟ ਕਰਦਿਆਂ ਸਮੂਹ ਬੱਚਿਆਂ ਨੂੰ ਜਾਗਰੂਕ ਕੀਤਾ।

ਇਸ ਮੌਕੇ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜੱਜ ਦੀ ਭੂਮਿਕਾ ਭੀਮਸੀ ਬਾਂਸਲ ਅਤੇ ਗੁਰਪ੍ਰੀਤ ਕੌਰ ਨੇ ਨਿਭਾਈ।

SEA DESIGN COMPANY
Customized and Designer
- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala



# ਹਰਿਆਣਾ ਖ਼ਬਰਨਾਮਾ



## ਵਿਦਿਅਕ ਸਾਲ 2026-27 ਲਈ 50 ਐਮ.ਬੀ.ਬੀ.ਐਸ. ਸੀਟਾਂ ’ਤੇ ਦਾਖ਼ਲੇ ਦੀ ਮਨਜ਼ੂਰੀ ਮਿਲੀ

**ਚੰਡੀਗੜ੍ਹ, 1 ਸਤੰਬਰ**
**-ਹਰਮਨਪ੍ਰੀਤ ਕੌਰ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਰੇਵਾੜੀ ਦੇ ਮਾਜਰਾ ਵਿੱਚ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਵਿੱਚ ਮੌਜੂਦਾ ਵਿਦਿਅਕ ਸਾਲ 2026-27 ਲਈ 50 ਐਮ.ਬੀ.ਬੀ.ਐਸ. ਸੀਟਾਂ ’ਤੇ ਦਾਖ਼ਲੇ ਦੀ ਮਨਜ਼ੂਰੀ ਮਿਲ ਗਈ ਹੈ।

ਸਿਹਤ ਮੰਤਰੀ ਅੱਜ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸਵਾਲ ਦਾ ਜਵਾਬ ਦੇ ਰਹੀ ਸੀ।



ਆਰਤੀ ਸਿੰਘ ਰਾਓ ਨੇ ਦੱਸਿਆ ਕਿ ਹਰਿਆਣਾ ਵਿੱਚ ਕੇਂਦਰ ਸਰਕਾਰ ਦੇ ਏਮਜ਼ ਨਾਲ ਜੁੜੇ ਦੋ ਪ੍ਰਮੁੱਖ ਸੰਸਥਾਨ ਝੱਝਰ ਦੇ ਬਾਢਸਾ ਵਿੱਚ ਨੈਸ਼ਨਲ ਕੈਂਸਰ ਇੰਸਟੀਚਿਊਟ ਅਤੇ ਰੇਵਾੜੀ ਦੇ ਮਾਜਰਾ ਵਿੱਚ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਹਨ।

ਝੱਝਰ ਦੇ ਬਾਢਸਾ ਵਿੱਚ ਸਥਿਤ ਨੈਸ਼ਨਲ ਕੈਂਸਰ ਇੰਸਟੀਚਿਊਟ ਏਮਜ਼ ਨਵੀਂ ਦਿੱਲੀ ਦਾ ਦੂਜਾ ਕੈਂਪਸ ਹੈ। ਇਹ ਕੈਂਸਰ ਦੇ ਇਲਾਜ ਲਈ ਸਮਰਪਿਤ ਇੱਕ ਟਰਸ਼ੀਅਰੀ-ਕੇਅਰ (ਵਿਸ਼ੇਸ਼ਗਿਆ ਮੈਡੀਕਲ ਸੇਵਾ) ਸੰਸਥਾਨ ਹੈ।

ਇਹ ਕੈਂਸਰ ਦੇ ਇਲਾਜ, ਰੋਕਥਾਮ, ਸ਼ੁਰੂਆਤੀ ਪਛਾਣ, ਰਿਸਰਚ ਅਤੇ ਮਨੁੱਖੀ ਸਾਧਨ ਵਿਕਾਸ ਲਈ ਇੱਕ ਪ੍ਰਮੁੱਖ ਕੇਂਦਰ ਦੇ ਰੂਪ ਵਿੱਚ ਕੰਮ ਕਰਦਾ ਹੈ।

ਇਸ ਤੋਂ ਇਲਾਵਾ, ਰੇਵਾੜੀ ਦੇ ਮਾਜਰਾ ਵਿੱਚ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਨੂੰ ਪ੍ਰਧਾਨ ਮੰਤਰੀ ਸਿਹਤ ਸੁਰੱਖਿਆ ਯੋਜਨਾ ਤਹਿਤ ਦੇਸ਼ ਦੇ 22ਵੇਂ ਏਮਜ਼ ਦੇ ਤੌਰ ’ਤੇ ਇੱਕ ਮੈਡੀਕਲ ਕਾਲਜ ਅਤੇ ’ਰਾਸ਼ਟਰੀ ਮਹੱਤਵ ਦੇ ਸੰਸਥਾਨ’ ਦੇ ਰੂਪ ਵਿੱਚ ਸਥਾਪਿਤ ਕੀਤਾ ਜਾ ਰਿਹਾ ਹੈ।

ਭਾਰਤ ਸਰਕਾਰ ਨੇ ਮੌਜੂਦਾ ਵਿਦਿਅਕ ਸਾਲ 2026-27 ਲਈ ਇਸ ਸੰਸਥਾਨ ਵਿੱਚ 50 ਐਮ.ਬੀ.ਬੀ.ਐਸ. ਵਿਦਿਆਰਥੀਆਂ ਦੇ ਦਾਖ਼ਲੇ ਦੀ ਮਨਜ਼ੂਰੀ ਦੇ ਦਿੱਤੀ ਹੈ।

## ਬਹਾਲਗੜ੍ਹ ਵਿੱਚ ਪੀਣ ਵਾਲਾ ਪਾਣੀ ਅਤੇ ਸੀਵਰੇਜ ਸਹੂਲਤਾਂ ਉਪਲਬਧ ਕਰਵਾਉਣ ਲਈ ਮਹਾਗ੍ਰਾਮ ਯੋਜਨਾ ਦੀ ਤਰਜ ਉੱਤੇ ਪ੍ਰਸਤਾਵ : ਰਣਬੀਰ ਗੰਗਵਾ

**ਚੰਡੀਗੜ੍ਹ, 1 ਸਤੰਬਰ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਲੋਕ ਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਪਿੰਡ ਬਹਾਲਗੜ੍ਹ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਗੰਦੇ ਪਾਣੀ ਦੀ ਨਿਕਾਸੀ ਦੀ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਕੰਮ ਕੀਤੇ ਜਾ ਰਹੇ ਹਨ। ਵਿਧਾਨ ਸਭਾ ਸੈਸ਼ਨ ਦੌਰਾਨ ਵਿਧਾਇਕ ਸ਼੍ਰੀਮਤੀ ਕ੍ਰਿਸ਼ਨਾ ਗਹਿਲਾਵਤ ਵੱਲੋਂ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਘੋਸ਼ਣਾ ਤਹਿਤ ਪਿੰਡ ਬਹਾਲਗੜ੍ਹ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਗੰਦੇ ਪਾਣੀ ਦੀ ਨਿਕਾਸੀ ਨਾਲ ਜੁੜੇ ਕੰਮ 3 ਸਾਲ ਦੇ ਅੰਦਰ ਪੂਰੇ ਕੀਤੇ ਜਾਣ ਦੀ ਸੰਭਾਵਨਾ ਹੈ।



ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਦੱਸਿਆ ਕਿ ਲੋੜੀਂਦੀ ਫਲੋਟਿੰਗ ਆਬਾਦੀ ਅਤੇ ਪਿੰਡ ਦੇ ਸ਼ਹਿਰੀ ਸਰੂਪ ਨੂੰ ਵੇਖਦਿਆਂ ਇੱਥੇ ਮਹਾਗ੍ਰਾਮ ਯੋਜਨਾ ਦੀ ਤਰਜ ਉੱਤੇ ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਸੀਵਰੇਜ ਸਹੂਲਤਾਂ ਉਪਲਬਧ ਕਰਵਾਉਣ ਦਾ ਪ੍ਰਸਤਾਵ ਹੈ।

ਉਨ੍ਹਾਂ ਦੱਸਿਆ ਕਿ ਪੀਣ ਵਾਲੇ ਪਾਣੀ ਦੀ ਵਿਵਸਥਾ ਲਈ ਐੱਸ.ਐੱਮ.ਡੀ.ਏ. ਵੱਲੋਂ ਜਾਜਲ ਵਿੱਚ ਮੌਜੂਦ ਚਾਰ 10 ਐੱਮ.ਐੱਲ.ਡੀ. ਸਮਰੱਥਾ ਦੇ ਰੈਨੀ ਵੈੱਲ ਤੋਂ ਇਲਾਵਾ 10 ਐੱਮ.ਐੱਲ.ਡੀ. ਸਮਰੱਥਾ ਦੇ ਪੰਜਵੇਂ ਰੈਨੀ ਵੈੱਲ ਨੂੰ ਮਨਜ਼ੂਰੀ ਦਿੱਤੀ ਗਈ ਹੈ। ਪਿੰਡ ਬਹਾਲਗੜ੍ਹ ਦੇ ਅੰਦਰੂਨੀ ਪਾਣੀ ਵੰਡ ਨੈੱਟਵਰਕ ਦਾ ਪ੍ਰਬੰਧਨ ਪੀ.ਐੱਚ.ਈ.ਡੀ. ਵੱਲੋਂ ਕੀਤਾ ਜਾਵੇਗਾ ਅਤੇ ਪਾਣੀ ਦੀ ਸਪਲਾਈ ਦੀ ਡੀ.ਪੀ.ਆਰ. ਤਿਆਰ ਕੀਤੀ ਜਾ ਰਹੀ ਹੈ।

ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਦੱਸਿਆ ਕਿ ਪਿੰਡ ਬਹਾਲਗੜ੍ਹ ਗ੍ਰਾਮ ਪੰਚਾਇਤ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ ਅਤੇ ਸੀਵਰੇਜ ਨਾਲ ਜੁੜੇ ਕੰਮ ਪੀ.ਐੱਚ.ਈ.ਡੀ. ਵੱਲੋਂ ਕੀਤੇ ਜਾਣੇ ਹਨ। ਇਸ ਲਈ ਐੱਸ.ਟੀ.ਪੀ. ਅਤੇ ਸੀਵਰ ਲਾਈਨਾਂ ਸਮ ?? ਸੀਵਰੇਜ ਪ੍ਰਣਾਲੀ ਦੀ ਡੀ.ਪੀ.ਆਰ. ਤਿਆਰ ਕੀਤੀ ਜਾ ਰਹੀ ਹੈ।

## ਯੂ.ਐਚ.ਬੀ.ਵੀ.ਐਨ.ਐਲ. ਵੱਲੋਂ ਲੋਹੇ ਦੇ ਪੋਲ ਯਾਨੀ ਟਿਊਬਲਰ ਪੋਲ ਅਤੇ ਚੈਨਲ ਪੋਲ ਆਪਣੇ ਖਰਚੇ ’ਤੇ ਪੀ.ਸੀ.ਸੀ. ਪੋਲ ਦੇ ਨਾਲ ਬਦਲੇ ਜਾਣਗੇ - ਊਰਜਾ ਮੰਤਰੀ

**ਚੰਡੀਗੜ੍ਹ, 1 ਸਤੰਬਰ**
**-ਜੀ. ਐਸ. ਤੁੰਗ-**

ਹਰਿਆਣਾ ਦੇ ਊਰਜਾ ਮੰਤਰੀ ਸ੍ਰੀ ਅਨਿਲ ਵਿਜ ਨੇ ਕਿਹਾ ਕਿ ਸਾਰੇ ਲੋਹੇ ਦੇ ਪੋਲ ਯਾਨੀ ਟਿਊਬਲਰ ਪੋਲ ਅਤੇ ਚੈਨਲ ਪੋਲ, ਉੱਤਰ ਹਰਿਆਣਾ ਬਿਜਲੀ ਵੰਡ ਨਿਗਮ (ਯੂ.ਐਚ.ਬੀ.ਵੀ.ਐਨ.ਐਲ.) ਵੱਲੋਂ ਆਪਣੇ ਖਰਚੇ ’ਤੇ ਪੀ.ਸੀ.ਸੀ. ਪੋਲ ਦੇ ਨਾਲ ਬਦਲੇ ਜਾਣਗੇ। ਹਾਲਾਂਕਿ, ਨਿਗਮ ਦੇ ਨਿਰਦੇਸ਼ਾਂ ਅਨੁਸਾਰ, ਰੇਲ ਪੋਲਾਂ ਨੂੰ ਨਿਗਮ ਦੇ ਖਰਚੇ ’ਤੇ ਨਹੀਂ ਬਦਲਿਆ ਜਾਂਦਾ ਹੈ।

ਸ੍ਰੀ ਵਿਜ ਅੱਜ ਇੱਥੇ ਚੰਡੀਗੜ੍ਹ ਵਿੱਚ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਲਗਾਏ ਗਏ ਪ੍ਰਸ਼ਨ ਦਾ ਉੱਤਰ ਦੇ ਰਹੇ ਸਨ।



ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ, ਪਿਹੋਵਾ ਵਿਧਾਨ ਸਭਾ ਚੋਣ ਹਲਕੇ ਦੇ ਗੁਲਦੇਹਰਾ ਅਤੇ ਠਸਕਾ ਮੀਰਾਂਜੀ ਪਿੰਡਾਂ ਦੇ ਅੰਦਰ ਕੋਈ ਐਚ.ਟੀ./ਐਲ.ਟੀ. ਲੋਹੇ ਦੇ ਪੋਲ ਨਹੀਂ ਲੱਗੇ ਹੋਏ ਹਨ। ਹਾਲਾਂਕਿ, ਇਨ੍ਹਾਂ ਪਿੰਡਾਂ ਦੇ ਬਾਹਰੀ ਖੇਤਰ ਵਿੱਚ 11 ਕੇ.ਵੀ. ਖੇਤੀਬਾੜੀ ਫੀਡਰਾਂ ’ਤੇ 107 ਲੋਹੇ ਦੇ ਪੋਲਾਂ ਦੀ ਪਛਾਣ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ 16 ਰੇਲ ਪੋਲ ਹਨ। ਇਸ ਦੇ ਨਾਲ ਹੀ, ਸਾਲ 2014 ਤੋਂ ਹੁਣ ਤੱਕ ਇਨ੍ਹਾਂ ਪਿੰਡਾਂ ਵਿੱਚ ਲੋਹੇ ਦੇ ਪੋਲ ਤੋਂ ਕਰੰਟ ਲੱਗਣ ਕਾਰਨ ਕਿਸੇ ਵੀ ਜਾਨੀ ਨੁਕਸਾਨ ਦੀ ਕੋਈ ਘਟਨਾ ਰਿਪੋਰਟ ਨਹੀਂ ਹੋਈ ਹੈ।

ਉਨ੍ਹਾਂ ਦੱਸਿਆ ਕਿ ਬਾਕੀ ਰਹਿੰਦੇ 91 ਲੋਹੇ ਦੇ ਪੋਲਾਂ ਨੂੰ ਨਿਗਮ ਵੱਲੋਂ ਜਨਵਰੀ, 2027 ਤੱਕ ਪੀ.ਸੀ.ਸੀ. ਪੋਲਾਂ ਨਾਲ ਬਦਲ ਦਿੱਤਾ ਜਾਵੇਗਾ।

## ਚੀਕਾ ਵਿੱਚ ਖੇਡ ਸਟੇਡੀਅਮ ਦੇ ਨਿਰਮਾਣ ਦਾ ਬਾਕੀ ਰਹਿੰਦਾ ਪੈਂਡਿੰਗ ਕਾਰਜ 31 ਨਵੰਬਰ ਤੱਕ ਪੂਰਾ ਹੋਣ ਦੀ ਸੰਭਾਵਨਾ

**ਚੰਡੀਗੜ੍ਹ, 1 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸ਼ਹਿਰੀ ਸਥਾਨਕ ਸਰਕਾਰਾਂ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਦੱਸਿਆ ਕਿ ਚੀਕਾ ਵਿੱਚ ਖੇਡ ਸਟੇਡੀਅਮ ਦੇ ਨਿਰਮਾਣ ਦਾ ਬਾਕੀ ਰਹਿੰਦਾ ਪੈਂਡਿੰਗ ਕਾਰਜ 31 ਨਵੰਬਰ, 2026 ਤੱਕ ਪੂਰਾ ਹੋਣ ਦੀ ਸੰਭਾਵਨਾ ਹੈ।ਸ਼ਹਿਰੀ ਸਥਾਨਕ ਸਰਕਾਰਾਂ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਪ੍ਰਸ਼ਨਕਾਲ ਵਿੱਚ ਗੁਹਲਾ ਦੇ ਵਿਧਾਇਕ ਸ੍ਰੀ ਦੇਵੇਂਦਰ ਹੰਸ ਵੱਲੋਂ ਪੁੱਛੇ ਗਏ ਪ੍ਰਸ਼ਨ ਦੇ ਉੱਤਰ ਵਿੱਚ ਇਹ ਜਾਣਕਾਰੀ ਦਿੱਤੀ।

ਸ੍ਰੀ ਵਿਪੁਲ ਗੋਇਲ ਨੇ ਸਦਨ ਨੂੰ ਇਸ ਗੱਲ ਤੋਂ ਵੀ ਜਾਣੂ ਕਰਵਾਇਆ ਕਿ ਚੀਕਾ ਵਿੱਚ ਖੇਡ ਸਟੇਡੀਅਮ ਦੇ ਨਿਰਮਾਣ ਕਾਰਜ ਵਿੱਚ ਦੇਰੀ ਲਈ ਏਜੰਸੀ ਮੈਸਰਜ਼ ਬੀ.ਐਸ. ਕੰਸਟ੍ਰਕਸ਼ਨ ਕੰਪਨੀ ਨੂੰ 08 ਨੋਟਿਸ ਜਾਰੀ ਕੀਤੇ ਗਏ ਹਨ। ਏਜੰਸੀ ’ਤੇ 08.08.2025 ਰਾਹੀਂ ?4,50,315/- ਦਾ ਜੁਰਮਾਨਾ ਵੀ ਲਗਾਇਆ ਗਿਆ ਹੈ। ਕਿਉਂਕਿ, ਏਜੰਸੀ ਨਿਰਧਾਰਤ ਮਿਆਦ ਦੇ ਤਹਿਤ ਕਾਰਜ ਪੂਰਾ ਨਹੀਂ ਕਰ ਪਾਈ, ਏਜੰਸੀ ਨੂੰ ਹੁਣ ਤੱਕ ?9.06 ਕਰੋੜ ਦੀ ਅਨੁਬੰਧਿਤ ਰਕਮ ਦੇ ਵਿਰੁੱਧ ਸਿਰਫ਼ ?3.78 ਕਰੋੜ ਦਾ ਭੁਗਤਾਨ ਕੀਤਾ ਗਿਆ ਹੈ।

## ਚੰਡੀਗੜ੍ਹ ਸਰਹੱਦ ’ਤੇ ਸੰਯੁਕਤ ਕਿਸਾਨ ਮੋਰਚੇ ਦਾ ਧਰਨਾ ਜਾਰੀ

**ਮੁਹਾਲੀ, 1 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੰਯੁਕਤ ਕਿਸਾਨ ਮੋਰਚਾ ਵੱਲੋਂ ਕਿਸਾਨੀ ਮੰਗਾਂ ਦੇ ਹੱਕ ਵਿੱਚ ਚੰਡੀਗੜ੍ਹ ਦੀ ਸਰਹੱਦ ਉੱਤੇ ਆਪਣਾ ਧਰਨਾ ਜਾਰੀ ਹੈ। ਮੁਹਾਲੀ ਦੇ ਫੇਸ 11 ਤੋਂ ਲੈ ਕੇ ਸੈਕਟਰ 48 ਤੱਕ ਸੜਕ ਦੇ ਇੱਕ ਪਾਸੇ ਵਿੱਚ ਸੈਂਕੜੇ ਟਰੈਕਟਰ ਟਰਾਲੀਆਂ ਸਮੇਤ ਕਿਸਾਨਾਂ ਨੇ ਪੱਕੇ ਡੇਰੇ ਲਗਾ ਦਿੱਤੇ ਹਨ। ਕਿਸਾਨ ਮੋਰਚੇ ਵਿੱਚ ਮਹਿਲਾਵਾਂ ਵੀ ਸ਼ਾਮਿਲ ਹਨ।

ਫੇਸ 11 ਤੋਂ ਲੈ ਕੇ ਸੈਕਟਰ 48 ਤੱਕ ਮੁਹਾਲੀ ਪੁਲੀਸ ਵੱਲੋਂ ਸੜਕ ਦਾ ਇੱਕ ਪਾਸਾ ਬੰਦ ਕੀਤਾ ਗਿਆ ਹੈ। ਸੰਯੁਕਤ ਕਿਸਾਨ ਮੋਰਚਾ ਦੇ ਚੰਡੀਗੜ੍ਹ ਦੀ ਸੈਕਟਰ 48 ਦੀ ਸੜਕ ਉੱਤੇ ਲੱਗੀ ਹੋਈ ਸਟੇਜ ਅਤੇ ਪੰਡਾਲ ਦੇ ਪਿਛਲੇ ਪਾਸੇ ਚੰਡੀਗੜ੍ਹ ਪੁਲੀਸ ਵੱਲੋਂ ਕੰਡੇਦਾਰ ਤਾਰ ਦੀ ਤੀਹਰੀ ਬੈਰੀਕੇਟਿੰਗ ਕੀਤੀ ਗਈ ਹੈ ਅਤੇ ਵੱਡੀ ਗਿਣਤੀ ਵਿੱਚ ਚੰਡੀਗੜ੍ਹ ਪੁਲੀਸ ਅਤੇ ਆਰ ਏ ਐੱਫ ਦੇ ਜਵਾਨ ਵੀ ਤਾਇਨਾਤ ਹਨ।

ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਸਟੇਜ ਆਰੰਭ ਕਰਨ ਤੋਂ ਪਹਿਲਾਂ ਮੁਹਾਲੀ ਵਿਖੇ ਇੱਕ ਹੋਟਲ ਵਿੱਚ ਉੱਚ ਪੱਧਰੀ ਮੀਟਿੰਗ ਕੀਤੀ। ਇਸ ਵਿੱਚ ਸੱਤ ਦਿਨ ਤੱਕ ਚੱਲਣ ਵਾਲੇ ਮੋਰਚੇ ਲਈ ਰਣਨੀਤੀ ਘੜੀ ਗਈ। ਕਿਸਾਨ ਆਗੂਆਂ ਨੇ ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਮੁਲਾਜ਼ਮਾਂ ਵੱਲੋਂ ਕੀਤੀ ਹੜਤਾਲ ਤੋਂ ਬਾਅਦ ਮੁਲਾਜ਼ਮ ਆਗੂਆਂ ਦੀਆਂ ਕੀਤੀਆਂ ਜਾ ਰਹੀਆਂ ਬਦਲੀਆਂ ਅਤੇ ਉਨ੍ਹਾਂ ਨੂੰ ਕੱਢੇ ਜਾ ਰਹੇ ਨੋਟਿਸਾਂ ਦਾ ਗੰਭੀਰ ਨੋਟਿਸ ਲੈਂਦਿਆਂ ਇਸ ਦਾ ਸਖ਼ਤ ਵਿਰੋਧ ਕੀਤਾ ਅਤੇ ਮੁਲਾਜ਼ਮਾਂ ਨਾਲ ਸਮਰਥਨ ਜਾਹਿਰ ਕਰਦਿਆਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

ਇਸ ਮੀਟਿੰਗ ਵਿੱਚ ਇਹ ਵੀ ਫੈਸਲਾ ਹੋਇਆ ਕਿ ਸਟੇਜ ਰੋਜ਼ਾਨਾ ਚਾਰ ਘੰਟੇ ਦੇ ਕਰੀਬ ਚੱਲੇਗੀ ਜਿਸ ਵਿੱਚ ਸਮੁੱਚੀਆਂ ਜਥੇਬੰਦੀਆਂ ਦੇ ਆਗੂਆਂ ਨੂੰ ਸਮਾਂ ਮਿਲੇਗਾ। ਕਿਸਾਨ ਆਗੂ ਰੋਜ਼ਾਨਾ ਆਪਸੀ ਮੀਟਿੰਗ ਕਰਨਗੇ। ਦਿੱਲੀ ਦੀ ਤਰਜ਼ ਉੱਤੇ ਕਿਸਾਨ ਧਰਨੇ ਦੀ ਸਟੇਜ ਦਾ ਮੰਚ ਸੰਚਾਲਨ ਵੀ ਵੱਖੋ ਵੱਖਰੀਆਂ ਜਥੇਬੰਦੀਆਂ ਦੇ ਨੁਮਾਇੰਦੇ ਕਰਨਗੇ। ਕਿਸਾਨਾਂ ਦੀਆਂ ਦੋ ਕਿਲੋਮੀਟਰ ਤੋਂ ਵੱਧ ਦੂਰੀ ਤੱਕ ਖੜੀਆਂ ਟਰਾਲੀਆਂ ਵਿੱਚ ਮੰਜੇ ਕੁਰਸੀਆਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ ਅਤੇ ਕਿਸਾਨਾਂ ਵੱਲੋਂ ਥਾਂ ਥਾਂ ਲੰਗਰ ਲਾਉਣ ਅਤੇ ਲੰਗਰ ਬਣਾਉਣ ਲਈ ਵੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਕਈ ਥਾਵਾਂ ਉੱਤੇ ਚਾਹ ਅਤੇ ਪ੍ਰਸ਼ਾਦਿਆਂ ਦਾ ਲੰਗਰ ਵੀ ਚਾਲੂ ਹੋ ਗਿਆ ਹੈ। ਸਟੇਜ ਦੇ ਪੰਡਾਲ ਨੇੜੇ ਮੈਡੀਕਲ ਸਹੂਲਤ ਲਈ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਹੋਇਆ ਹੈ। ਮੁਹਾਲੀ ਪੁਲੀਸ ਵੀ ਕਿਸਾਨਾਂ ਦੇ ਧਰਨੇ ਅਤੇ ਟਰੈਕਟਰ ਟਰਾਲੀਆਂ ਦੇ ਇਰਦ ਗਿਰਦ ਵੱਡੀ ਮਾਤਰਾ ਵਿੱਚ ਤੈਨਾਤ ਹੈ।

ਕਿਸਾਨ ਯੂਨੀਅਨ ਲੱਖੋਵਾਲ ਦੇ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਅਤੇ ਕਿਸਾਨ ਯੂਨੀਅਨ ਰਾਜੇਵਾਲ ਦੇ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਨੇ ਦੱਸਿਆ ਕਿ ਕਿਸਾਨਾਂ ਵਿੱਚ ਇਸ ਧਰਨੇ ਪ੍ਰਤੀ ਬੇਮਿਸਾਲ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੈਂਕੜੇ ਟਰਾਲੀਆਂ ਧਰਨੇ ਵਿੱਚ ਪਹੁੰਚ ਚੁੱਕੀਆਂ ਹਨ ਅਤੇ ਵੱਡੀ ਗਿਣਤੀ ਵਿੱਚ ਟਰਾਲੀਆਂ ਪੰਜਾਬ ਦੇ ਵੱਖ-ਵੱਖ ਕੋਨਿਆਂ ਤੋਂ ਅੱਜ ਸਵੇਰ ਤੋਂ ਚਲੀਆਂ ਹੋਈਆਂ ਹਨ ਜਿਹੜੀਆਂ ਕਿ ਸ਼ਾਮ ਤੱਕ ਇੱਥੇ ਪਹੁੰਚ ਜਾਣਗੀਆਂ।

ਰਾਜੇਵਾਲ ਨੇ ਦੱਸਿਆ ਕਿ ਉਗਰਾਹਾਂ ਜਥੇਬੰਦੀ ਤੋਂ ਇਲਾਵਾ ਸੰਯੁਕਤ ਕਿਸਾਨ ਮੋਰਚੇ ਹੇਠਲੀਆਂ ਬਾਕੀ ਸਾਰੀਆਂ ਜਥੇਬੰਦੀਆਂ ਇਸ ਧਰਨੇ ਵਿੱਚ ਸ਼ਮੂਲੀਅਤ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਕੌਮੀ ਆਗੂਆਂ ਨੂੰ ਇਸ ਧਰਨੇ ਵਿੱਚ ਆਉਣ ਦਾ ਕੋਈ ਸੱਦਾ ਨਹੀਂ ਦਿੱਤਾ ਗਿਆ ਪਰ ਜੇ ਕੋਈ ਆਗੂ ਇਸ ਵਿੱਚ ਸ਼ਮੂਲੀਅਤ ਕਰਦਾ ਹੈ ਤਾਂ ਉਸ ਨੂੰ ਬੋਲਣ ਦਾ ਮੌਕਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸੇ ਵੀ ਰਾਜਸੀ ਆਗੂ ਨੂੰ ਇਸ ਧਰਨੇ ਵਿੱਚ ਭਾਸ਼ਣ ਦੇਣ ਲਈ ਸਮਾਂ ਨਹੀਂ ਦਿੱਤਾ ਜਾਵੇਗਾ।

ਹਰਿੰਦਰ ਸਿੰਘ ਲੱਖੋਵਾਲ ਨੇ ਕਿਹਾ ਕਿ ਜੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਤਵੱਜੋ ਨਾ ਦਿੱਤੀ ਤਾਂ ਇਹ ਧਰਨਾ 7 ਸਤੰਬਰ ਤੋਂ ਅਗਾਂਹ ਵੀ ਵਧ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਸਰਕਾਰ ਤੇ ਨਿਰਭਰ ਕਰਦਾ ਹੈ ਕਿ ਉਹ ਸਾਨੂੰ ਇੱਥੋਂ ਕਦੋਂ ਉਠਾਉਂਦੇ ਹਨ।

## ਸਫ਼ਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਰਕਾਰ ਲਗਾਤਾਰ ਕਰ ਰਹੀ ਹੈ ਕੰਮ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 1 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਸਫ਼ਾਈ ਕਰਮਚਾਰੀਆਂ ਨਾਲ ਜੁੜੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਕੰਮ ਕਰ ਰਹੀ ਹੈ। ਕਰਮਚਾਰੀਆਂ ਦੀਆਂ 12 ਮੰਗਾਂ ਮੰਨੀਆਂ ਜਾ ਚੁੱਕੀਆਂ ਹਨ। ਜਿਹੜੇ ਮਾਮਲੇ ਅਦਾਲਤ ਵਿੱਚ ਵਿਚਾਰ ਅਧੀਨ ਹਨ, ਉਨ੍ਹਾਂ ਦਾ ਤੁਰੰਤ ਹੱਲ ਸਰਕਾਰ ਦੇ ਪੱਧਰ ’ਤੇ ਸੰਭਵ ਨਹੀਂ ਹੈ। ਅਦਾਲਤ ਵੱਲੋਂ ਜੋ ਵੀ ਨਿਰਦੇਸ਼ ਆਉਣਗੇ, ਸਰਕਾਰ ਉਨ੍ਹਾਂ ਦੇ ਅਨੁਰੂਪ ਕਾਰਵਾਈ ਕਰੇਗੀ।

ਮੁੱਖ ਮੰਤਰੀ ਮੰਗਲਵਾਰ ਨੂੰ ਹਰਿਆਣਾ ਵਿਧਾਨ ਸਭਾ ਵਿੱਚ ਵਿਧਾਇਕ ਸ੍ਰੀ ਵਿਕਾਸ ਸਹਾਰਨ ਵੱਲੋਂ ਸਫ਼ਾਈ ਕਰਮਚਾਰੀਆਂ ਨਾਲ ਸਬੰਧਤ ਪੁੱਛੇ ਗਏ ਇੱਕ ਪ੍ਰਸ਼ਨ ਦੇ ਸੰਬੰਧ ਵਿੱਚ ਸਦਨ ਵਿੱਚ ਜਵਾਬ ਦੇ ਰਹੇ ਸਨ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਾਲ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਇਸ ਵਿਸ਼ੇ ’ਤੇ ਸਦਨ ਵਿੱਚ ਵਿਸਤ੍ਰਿਤ ਬਿਆਨ ਦੇ ਕੇ ਵਿਰੋਧੀ ਧਿਰ ਅਤੇ ਸੂਬੇ ਦੀ ਜਨਤਾ ਨੂੰ ਪੂਰੀ ਸਥਿਤੀ ਤੋਂ ਜਾਣੂ ਕਰਵਾਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਸਮੱਸਿਆਵਾਂ ਪਹਿਲਾਂ ਵੀ ਸਾਹਮਣੇ ਆਉਂਦੀਆਂ ਰਹੀਆਂ ਹਨ ਅਤੇ ਕਾਂਗਰਸ ਦੇ ਸ਼ਾਸਨਕਾਲ ਵਿੱਚ ਵੀ ਅਜਿਹੀਆਂ ਸਮੱਸਿਆਵਾਂ ਸਨ। ਮੌਜੂਦਾ ਸਰਕਾਰ ਇਨ੍ਹਾਂ ਸਮੱਸਿਆਵਾਂ ਤੋਂ ਮੂੰਹ ਮੋੜਨ ਦੀ ਬਜਾਏ ਲਗਾਤਾਰ ਉਨ੍ਹਾਂ ਦਾ ਹੱਲ ਕੱਢਣ ਦਾ ਯਤਨ ਕਰ ਰਹੀ ਹੈ। ਇਸ ਦੇ ਬਾਵਜੂਦ ਕਾਂਗਰਸ ਇਸ ਵਿਸ਼ੇ ’ਤੇ ਰਾਜਨੀਤੀ ਕਰ ਰਹੀ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਨੂੰ ਕਿਸੇ ਵੀ ਵਿਸ਼ੇ ਨੂੰ ਸਦਨ ਵਿੱਚ ਉਠਾਉਣ ਦਾ ਪੂਰਾ ਅਧਿਕਾਰ ਹੈ ਅਤੇ ਉਹ ਆਪਣੀ ਗੱਲ ਸਦਨ ਦੇ ਸਾਹਮਣੇ ਰੱਖ ਸਕਦਾ ਹੈ। ਸਰਕਾਰ ਹਰ ਉਚਿਤ ਵਿਸ਼ੇ ਦਾ ਜਵਾਬ ਦੇਣ ਅਤੇ ਉਸ ਦਾ ਹੱਲ ਕੱਢਣ ਲਈ ਤਤਪਰ ਹੈ।

ਸਦਨ ਵਿੱਚ ਕਾਂਗਰਸ ਦੇ ਇੱਕ ਵਿਧਾਇਕ ਵੱਲੋਂ ਮੋਬਾਈਲ ਫੋਨ ’ਤੇ ਸਫ਼ਾਈ ਕਰਮਚਾਰੀ ਨਾਲ ਗੱਲਬਾਤ ਕਰਨ ਦੇ ਵਿਸ਼ੇ ’ਤੇ ਮੁੱਖ ਮੰਤਰੀ ਨੇ ਕਿਹਾ ਕਿ ਸਦਨ ਦੇ ਅੰਦਰ ਫੋਨ ’ਤੇ ਗੱਲ ਕਰਨਾ ਨਿਯਮਾਂ ਦੇ ਅਨੁਰੂਪ ਨਹੀਂ ਹੈ। ਜੇਕਰ ਕਿਸੇ ਮੈਂਬਰ ਨੇ ਫੋਨ ’ਤੇ ਗੱਲ ਕਰਨੀ ਹੈ ਤਾਂ ਉਹ ਸਦਨ ਤੋਂ ਬਾਹਰ ਜਾ ਕੇ ਕਰ ਸਕਦਾ ਹੈ। ਸਦਨ ਦੀ ਕਾਰਵਾਈ ਅਤੇ ਮਰਿਆਦਾ ਦਾ ਪਾਲਣ ਸਾਰੇ ਮੈਂਬਰਾਂ ਨੂੰ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਸਫ਼ਾਈ ਕਰਮਚਾਰੀਆਂ ਦੀ ਹਰ ਸਮੱਸਿਆ ’ਤੇ ਤਤਪਰਤਾ ਨਾਲ ਕੰਮ ਕਰ ਰਹੀ ਹੈ। ਕਾਂਗਰਸ ਨੂੰ ਇਸ ’ਤੇ ਰਾਜਨੀਤੀ ਨਹੀਂ ਕਰਨੀ ਚਾਹੀਦੀ।

## ਹਰਿਆਣਾ ਵਿੱਚ ਬਿਜਲੀ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਸਰਕਾਰ ਦੇ ਠੋਸ ਕਦਮ : ਊਰਜਾ ਮੰਤਰੀ ਅਨਿਲ ਵਿਜ

**➢ ਵਿੱਤੀ ਸਾਲ 2025-26 ਵਿੱਚ 40,918.30 ਕਰੋੜ ਰੁਪਏ ਦੀ ਬਿਜਲੀ ਖ਼ਰੀਦੀ ਗਈ; 7250 ਪਿੰਡਾਂ ਵਿੱਚੋਂ 6,105 ਵਿੱਚ 24 ਘੰਟੇ ਬਿਜਲੀ ਸਪਲਾਈ ➢ ਤੂਫ਼ਾਨ ਕਾਰਨ ਡਿੱਗੇ 37892 ਟੁੱਟੇ ਬਿਜਲੀ ਦੇ ਖੰਭਿਆਂ ਨੂੰ ਬਿਜਲੀ ਵਿਭਾਗ ਦੇ ਕਰਮਚਾਰੀਆਂ ਨੇ ਥੋੜ੍ਹੇ ਹੀ ਸਮੇਂ ਵਿੱਚ ਠੀਕ ਕੀਤਾ : ਵਿਜ**

**ਚੰਡੀਗੜ੍ਹ 1 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਊਰਜਾ ਮੰਤਰੀ ਸ੍ਰੀ ਅਨਿਲ ਵਿਜ ਨੇ ਅੱਜ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਬਿਜਲੀ ਪ੍ਰਣਾਲੀ ਨਾਲ ਸਬੰਧਤ ਸਵਾਲ ਦਾ ਜਵਾਬ ਦਿੰਦਿਆਂ ਸੂਬੇ ਵਿੱਚ ਬਿਜਲੀ ਸਪਲਾਈ, ਪਿੰਡਾਂ ਵਿੱਚ 24 ਘੰਟੇ ਬਿਜਲੀ ਅਤੇ ਵਿਭਾਗ ਵਿੱਚ ਮਨੁੱਖੀ ਸਰੋਤ ਦੀ ਸਥਿਤੀ ਦੇ ਸੰਬੰਧ ਵਿੱਚ ਵਿਸਤ੍ਰਿਤ ਜਾਣਕਾਰੀ ਦਿੰਦਿਆਂ ਕਿਹਾ ਕਿ ਸੂਬੇ ਦੇ ਕੁਝ 95 ਸ਼ਹਿਰੀ ਖੇਤਰਾਂ ਵਿੱਚ 24 ਘੰਟੇ ਬਿਜਲੀ ਸਪਲਾਈ ਕੀਤੀ ਜਾ ਰਹੀ ਹੈ। ਇਨ੍ਹਾਂ ਵਿੱਚ 55 ਉਪ-ਮੰਡਲ (ਡੀ.ਐੱਚ.ਵੀ.ਪੀ.ਐੱਨ. ਖੇਤਰ) ਤਥਾ 40 ਉਪ-ਮੰਡਲ (ਯੂ.ਐੱਚ.ਬੀ.ਵੀ. ਐੱਨ. ਖੇਤਰ) ਸ਼ਾਮਲ ਹਨ।




ਉਨ੍ਹਾਂ ਕਿਹਾ ਕਿ ਵਿੱਤ ਸਾਲ 2025-26 ਦੌਰਾਨ ਸੂਬੇ ਦੀ ਬਿਜਲੀ ਦੀ ਕੁੱਲ ਸਾਲਾਨਾ ਖ਼ਰੀਦ ਲਾਗਤ 40,918.30 ਕਰੋੜ ਰੁਪਏ ਰਹੀ। ਇਸ ਮਿਆਦ ਵਿੱਚ ਰਾਜ ਦੇ ਅੰਦਰ ਉਤਪਾਦਿਤ/ਪ੍ਰਾਪਤ ਬਿਜਲੀ 2,13,013.29 ਲੱਖ ਯੂਨਿਟ ਅਤੇ ਰਾਜ ਤੋਂ ਬਾਹਰੋਂ ਪ੍ਰਾਪਤ ਬਿਜਲੀ 5,55,604.30 ਲੱਖ ਯੂਨਿਟ ਰਹੀ। ਇਸ ਤਰ੍ਹਾਂ ਕੁੱਲ 7,68,617.59 ਲੱਖ ਯੂਨਿਟ ਬਿਜਲੀ ਖ਼ਰੀਦੀ ਗਈ।

**6,105 ਪਿੰਡਾਂ ਵਿੱਚ 24 ਘੰਟੇ ਬਿਜਲੀ ਸਪਲਾਈ - ਵਿਜ**

ਊਰਜਾ ਮੰਤਰੀ ਨੇ ਦੱਸਿਆ ਕਿ ਹਰਿਆਣਾ ਸਰਕਾਰ ਦੀ ‘ਮਾਰਾ ਗਾਉਂ-ਜਗਮਗ ਗਾਉਂ’ ਯੋਜਨਾ ਤਹਿਤ ਸੂਬੇ ਦੇ ਪਿੰਡਾਂ ਨੂੰ ਪੜਾਅਵਾਰ ਤਰੀਕੇ ਨਾਲ 24 ਘੰਟੇ ਬਿਜਲੀ ਸਪਲਾਈ ਦੇ ਦਾਇਰੇ ਵਿੱਚ ਲਿਆਂਦਾ ਜਾ ਰਿਹਾ ਹੈ। ਪ੍ਰਦੇਸ਼ ਦੇ ਕੁੱਲ 7,250 ਪਿੰਡਾਂ ਵਿੱਚੋਂ 6,105 ਪਿੰਡਾਂ ਯਾਨੀ 84.2 ਫ਼ੀਸਦੀ ਪਿੰਡਾਂ ਵਿੱਚ ਪਹਿਲਾਂ ਤੋਂ ਹੀ 24 ਘੰਟੇ ਬਿਜਲੀ ਸਪਲਾਈ ਕੀਤੀ ਜਾ ਰਹੀ ਹੈ, ਜਦੋਂ ਕਿ 1,145 ਪਿੰਡਾਂ ਵਿੱਚ 16 ਘੰਟੇ ਬਿਜਲੀ ਸਪਲਾਈ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਬਾਕੀ ਪਿੰਡਾਂ ਨੂੰ ਵੀ ਪੜਾਅਵਾਰ ਤਰੀਕੇ ਨਾਲ 24 ਘੰਟੇ ਬਿਜਲੀ ਸਪਲਾਈ ਦੇ ਦਾਇਰੇ ਵਿੱਚ ਲਿਆਂਦਾ ਜਾ ਰਿਹਾ ਹੈ। ਇਸ ਲਈ ਸਬੰਧਤ ਖੇਤਰਾਂ ਵਿੱਚ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਫ਼ੀਡਰਾਂ ਦੇ ਲੋਡ ਨੂੰ ਨਿਰਧਾਰਤ ਸੀਮਾ ਦੇ ਅੰਦਰ ਲਿਆਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਦੱਖਣੀ ਹਰਿਆਣਾ ਬਿਜਲੀ ਵੰਡ ਨਿਗਮ ਤਹਿਤ 55 ਸ਼ਹਿਰੀ ਖੇਤਰਾਂ ਅਤੇ 2686 ਪਿੰਡਾਂ ਵਿੱਚ 24 ਘੰਟੇ ਬਿਜਲੀ ਦੀ ਸਪਲਾਈ ਕੀਤੀ ਜਾ ਰਹੀ ਹੈ ਜਦਕਿ 980 ਪਿੰਡਾਂ ਵਿੱਚ 16 ਘੰਟੇ ਬਿਜਲੀ ਦੀ ਸਪਲਾਈ ਕੀਤੀ ਜਾ ਰਹੀ ਹੈ। ਇਸੇ ਤਰ੍ਹਾਂ, ਉੱਤਰੀ ਹਰਿਆਣਾ ਬਿਜਲੀ ਵੰਡ ਨਿਗਮ ਤਹਿਤ 40 ਸ਼ਹਿਰੀ ਖੇਤਰਾਂ ਅਤੇ 3419 ਪਿੰਡਾਂ ਵਿੱਚ 24 ਘੰਟੇ ਬਿਜਲੀ ਦੀ ਸਪਲਾਈ ਕੀਤੀ ਜਾ ਰਹੀ ਹੈ ਜਦਕਿ 165 ਪਿੰਡਾਂ ਵਿੱਚ 16 ਘੰਟੇ ਬਿਜਲੀ ਦੀ ਸਪਲਾਈ ਕੀਤੀ ਜਾ ਰਹੀ ਹੈ।

ਸ੍ਰੀ ਵਿਜ ਨੇ ਵਿਧਾਨ ਸਭਾ ਵਿੱਚ ਦੱਸਿਆ ਕਿ ਊਰਜਾ ਵਿਭਾਗ ਵਿੱਚ ਵੱਖ-ਵੱਖ ਸ਼੍ਰੇਣੀਆਂ ਦੇ ਕੁੱਲ 53,289 ਅਸਾਮੀਆਂ ਮਨਜ਼ੂਰ ਹਨ, ਜਿਨ੍ਹਾਂ ਵਿੱਚੋਂ 27,746 ਅਸਾਮੀਆਂ ਉੱਤੇ ਰੈਗੂਲਰ ਕਰਮਚਾਰੀ ਸੇਵਾ ਨਿਭਾ ਰਹੇ ਹਨ ਅਤੇ 25,543 ਅਹੁਦੇ ਖਾਲੀ ਹਨ। ਉਨ੍ਹਾਂ ਦੱਸਿਆ ਕਿ ਰੈਗੂਲਰ ਕਰਮਚਾਰੀਆਂ ਤੋਂ ਇਲਾਵਾ 15,362 ਕਰਮਚਾਰੀ ਐੱਚ.ਕੇ.ਆਰ.ਐੱਨ.ਐੱਲ./ਹਾਰਟ੍ਰੋਨ/ਕੰਟਰੈਕਟਰ/ਪਾਰਟ-ਟਾਈਮ ਅਤੇ ਸਿੱਧੀ ਆਊਟਸੋਰਸਿੰਗ ਰਾਹੀਂ ਵੱਖ-ਵੱਖ ਕੰਮਾਂ ਵਿੱਚ ਸੇਵਾਵਾਂ ਦੇ ਰਹੇ ਹਨ। ਇਸ ਨਾਲ ਬਿਜਲੀ ਵੰਡ ਅਤੇ ਸਪਲਾਈ ਪ੍ਰਣਾਲੀ ਨੂੰ ਸੁਚਾਰੂ ਬਣਾਈ ਰੱਖਣ ਵਿੱਚ ਵਿਭਾਗ ਨੂੰ ਵਾਧੂ ਮਨੁੱਖੀ ਸਰੋਤ ਉਪਲਬਧ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਊਰਜਾ ਵਿਭਾਗ ਵਿੱਚ ਸ਼੍ਰੇਣੀ-ਏ ਦੇ ਮਨਜ਼ੂਰ ਅਹੁਦਿਆਂ ਦੀ ਗਿਣਤੀ 1209, ਕਾਰਜਸ਼ੀਲ ਅਹੁਦੇ 1021 ਅਤੇ ਖਾਲੀ ਅਹੁਦਿਆਂ ਦੀ ਗਿਣਤੀ 188 ਹੈ। ਇਸੇ ਤਰ੍ਹਾਂ, ਸ਼੍ਰੇਣੀ-ਬੀ ਦੇ ਮਨਜ਼ੂਰ ਅਹੁਦਿਆਂ ਦੀ ਗਿਣਤੀ 1436, ਕਾਰਜਸ਼ੀਲ ਅਹੁਦੇ 1130 ਅਤੇ ਖਾਲੀ ਅਹੁਦਿਆਂ ਦੀ ਗਿਣਤੀ 306 ਹੈ। ਇਸੇ ਤਰ੍ਹਾਂ, ਸ਼੍ਰੇਣੀ-ਸੀ ਦੇ ਮਨਜ਼ੂਰ ਅਹੁਦਿਆਂ ਦੀ ਗਿਣਤੀ 47717, ਕਾਰਜਸ਼ੀਲ ਅਹੁਦੇ 24654 ਅਤੇ ਖਾਲੀ ਅਹੁਦਿਆਂ ਦੀ ਗਿਣਤੀ 23036 ਹੈ। ਇਸੇ ਤਰ੍ਹਾਂ, ਸ਼੍ਰੇਣੀ-ਡੀ ਦੇ ਮਨਜ਼ੂਰ ਅਹੁਦਿਆਂ ਦੀ ਗਿਣਤੀ 2927, ਕਾਰਜਸ਼ੀਲ ਅਹੁਦੇ 941 ਅਤੇ ਖਾਲੀ ਅਹੁਦਿਆਂ ਦੀ ਗਿਣਤੀ 1986 ਹੈ।

ਉਨ੍ਹਾਂ ਕਿਹਾ ਕਿ ਹਾਲਾਂਕਿ ਇਹ ਸਹੀ ਹੈ ਕਿ ਸਿਰਸਾ ਦੇ ਪਿੰਡਾਂ ਵਿੱਚ ਮਈ 2026 ਤੋਂ ਜੁਲਾਈ 2026 ਦੌਰਾਨ ਬਿਜਲੀ ਪ੍ਰਭਾਵਿਤ ਹੋਈ ਹੈ, ਕਿਉਂਕਿ ਇਸ ਦੌਰਾਨ ਕਈ ਤੂਫ਼ਾਨ ਆਏ ਹਨ ਜਿਸ ਕਾਰਨ 37892 ਬਿਜਲੀ ਦੇ ਖੰਭੇ ਟੁੱਟ ਕੇ ਡਿੱਗ ਗਏ ਸਨ। ਉਨ੍ਹਾਂ ਬਿਜਲੀ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਸਾਰੇ ਕਰਮਚਾਰੀਆਂ ਦਾ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਇਨ੍ਹਾਂ ਟੁੱਟੇ ਹੋਏ ਬਿਜਲੀ ਦੇ ਖੰਭਿਆਂ ਨੂੰ ਥੋੜ੍ਹੇ ਹੀ ਸਮੇਂ ਵਿੱਚ ਠੀਕ ਕੀਤਾ। ਇਸ ਤੋਂ ਇਲਾਵਾ, ਸ੍ਰੀ ਵਿਜ ਨੇ ਕਿਹਾ ਕਿ ਜਿਨ੍ਹਾਂ ਪਿੰਡਾਂ ਵਿੱਚ 16 ਘੰਟੇ ਬਿਜਲੀ ਦਿੱਤੀ ਜਾ ਰਹੀ ਹੈ ਉਨ੍ਹਾਂ ਪਿੰਡਾਂ ਵਿੱਚ 24 ਘੰਟੇ ਬਿਜਲੀ ਦੇਣ ਲਈ ਬਿਜਲੀ ਵਿਭਾਗ ਦਾ ਸਟਾਫ਼ ਲਗਾਤਾਰ ਯਤਨਸ਼ੀਲ ਹੈ ਅਤੇ ਜਦੋਂ ਇਹ ਪਿੰਡ 24 ਘੰਟੇ ਬਿਜਲੀ ਲੈਣ ਲਈ ਤੈਅ ਸ਼ਰਤਾਂ ਪੂਰੀਆਂ ਕਰ ਲੈਣਗੇ ਤਦ ਇਨ੍ਹਾਂ ਪਿੰਡਾਂ ਵਿੱਚ 24 ਘੰਟੇ ਬਿਜਲੀ ਦੇਣੀ ਸ਼ੁਰੂ ਕਰ ਦਿੱਤੀ ਜਾਵੇਗੀ।

ਊਰਜਾ ਮੰਤਰੀ ਨੇ ਕਿਹਾ ਕਿ ਰਾਜ ਸਰਕਾਰ ਦਾ ਲਗਾਤਾਰ ਯਤਨ ਹੈ ਕਿ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਖਪਤਕਾਰਾਂ ਨੂੰ ਲੋੜੀਂਦੀ, ਗੁਣਵੱਤਾਪੂਰਨ ਅਤੇ ਨਿਰਵਿਘਨ ਬਿਜਲੀ ਮੁਹੱਈਆ ਕਰਵਾਈ ਜਾਵੇ। ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਫ਼ੀਡਰਾਂ ਦੇ ਸੁਧਰੀਕਰਨ ਅਤੇ ਪੜਾਅਵਾਰ ਤਰੀਕੇ ਨਾਲ ਵੱਧ ਤੋਂ ਵੱਧ ਪਿੰਡਾਂ ਨੂੰ 24 ਘੰਟੇ ਬਿਜਲੀ ਸਪਲਾਈ ਨਾਲ ਜੋੜਨ ਲਈ ਵਿਭਾਗ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।




